ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 18 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੪ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਯੋਗਰਾਜ ਸਿੰਘ ਵੱਲੋਂ ਅਗਾਊਂ ਜ਼ਮਾਨਤ ਅਰਜ਼ੀ ਦਾਖ਼ਲ, 20 ਮਈ ਨੂੰ ਹੋਵੇਗੀ ਸੁਣਵਾਈ

ਚੰਡੀਗੜ੍ਹ, 17 ਮਈ (ਆਵਾਜ਼ਿ ਕੌਮ ਬਿਊਰੋ)– ਸਾਬਕਾ ਭਾਰਤੀ ਕ੍ਰਿਕਟਰ ਅਤੇ ਅਦਾਕਾਰ ਯੋਗਰਾਜ ਸਿੰਘ ਨੇ ਵੈੱਬ ਸੀਰੀਜ਼ 'ਲੁੱਖੇ' ਵਿੱਚ ਮਹਿਲਾਵਾਂ ਪ੍ਰਤੀ ਕਥਿਤ ਤੌਰ 'ਤੇ ਅਪਮਾਨਜਨਕ ਅਤੇ ਇਤਰਾਜ਼ਯੋਗ ਟਿੱਪਣੀਆਂ ਕਰਨ ਦੇ ਮਾਮਲੇ ਵਿੱਚ ਚੰਡੀਗੜ੍ਹ ਦੇ ਸੈਕਟਰ 36 ਥਾਣੇ ਵਿੱਚ ਦਰਜ ਹੋਈ ਐਫਆਈਆਰ ਤੋਂ ਬਾਅਦ ਅਗਾਂਊਂ ਜ਼ਮਾਨਤ ਲਈ ਅਦਾਲਤ ਤੱਕ ਪਹੁੰਚ ਕੀਤੀ ਹੈ। ਯੋਗਰਾਜ ਸਿੰਘ ਨੇ ਗ੍ਰਿਫਤਾਰੀ ਤੋਂ ਬਚਣ ਲਈ ਇਹ ਪਟੀਸ਼ਨ ਦਾਇਰ ਕੀਤੀ ਹੈ। ਰਿਪੋਰਟਾਂ ਮੁਤਾਬਕ ਅਦਾਲਤ ਨੇ ਇਸ ਮਾਮਲੇ ਵਿੱਚ ਸਟੇਟ (ਪੁਲਿਸ/ਸਰਕਾਰ) ਨੂੰ ਨੋਟਿਸ ਜਾਰੀ ਕਰਕੇ 20 ਮਈ ਤੱਕ ਜਵਾਬ ਮੰਗਿਆ ਹੈ। ਵਾਇਰਲ ਵੀਡੀਓ: ਇਹ ਵਿਵਾਦ 8 ਮਈ 2026 ਨੂੰ ਰਿਲੀਜ਼ ਹੋਈ ਹਿੰਦੀ ਵੈੱਬ ਸੀਰੀਜ਼ 'ਲੁੱਖੇ' ਦੀ ਇੱਕ 17 ਸੈਕਿੰਡ ਦੀ ਵੀਡੀਓ ਕਲਿੱਪ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਖੜ੍ਹਾ ਹੋਇਆ। ਇਸ ਕਲਿੱਪ ਵਿੱਚ, ਯੋਗਰਾਜ ਸਿੰਘ ਦਾ ਕਿਰਦਾਰ 'ਵਾਲੀਆ ਸਾਹਬ' ਇੱਕ ਮਹਿਲਾ ਪੁਲਿਸ ਅਧਿਕਾਰੀ ਦੇ ਕਿਰਦਾਰ ਨਾਲ ਗੱਲ ਕਰਦੇ ਹੋਏ ਕਥਿਤ ਤੌਰ 'ਤੇ ਕਹਿੰਦਾ ਹੈ ਕਿ ਔਰਤ ਦੀ ਜਗ੍ਹਾ "ਦਿਨ ਵੇਲੇ ਚੁੱਲ੍ਹੇ-ਚੌਂਕੇ ਤੱਕ ਅਤੇ ਰਾਤ ਨੂੰ ਨਜ਼ਦੀਕੀ (ਸੰਬੰਧਾਂ) ਤੱਕ" ਹੁੰਦੀ ਹੈ।

### 'ਨੈਤਿਕ ਆਧਾਰ ਗੁਆ ਚੁੱਕੀ ਲੀਡਰਸ਼ਿਪ ਨੂੰ ਅੱਗੇ ਰੱਖਣ ਕਾਰਨ ਨਹੀਂ ਚੱਲ ਸਕਿਆ ਗੱਠਜੋੜ'

# ਅਕਾਲੀ ਦਲ ਵਾਰਿਸ ਪੰਜਾਬ ਦੇ ਅਤੇ ਅਕਾਲੀ ਦਲ ਪੁਨਰ ਸੁਰਜੀਤ ਦਾ ਗੱਠਜੋੜ ਟੁੱਟਿਆ

ਅੰਮ੍ਰਿਤਸਰ, 17 ਮਈ (ਆਵਾਜ਼ਿ ਕੌਮ ਬਿਊਰੋ)– ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਅਤੇ ਪੰਥਕ ਏਕਤਾ ਨੂੰ ਮੁੱਖ ਰੱਖਦਿਆਂ 'ਅਕਾਲੀ ਦਲ-ਵਾਰਿਸ ਪੰਜਾਬ ਦੇ' ਅਤੇ ਅਕਾਲੀ ਦਲ-ਪੁਨਰ ਸੁਰਜੀਤ ਧਿਰ ਵਿਚਕਾਰ ਇੱਕ ਸਾਂਝੀ 8 ਮੈਂਬਰੀ "ਪੰਥਕ ਏਕਤਾ ਤਾਲਮੇਲ ਕਮੇਟੀ" ਦਾ ਗਠਨ ਕੀਤਾ ਗਿਆ ਸੀ। ਇਸ ਕਮੇਟੀ ਵੱਲੋਂ ਲਗਾਤਾਰ ਕਈ ਮੀਟਿੰਗਾਂ ਅਤੇ ਵਿਚਾਰ-ਵਟਾਂਦਰੇ ਕੀਤੇ ਗਏ, ਪਰ ਕੁਝ ਮੂਲ ਅਤੇ ਅਹਿਮ ਸਿਧਾਂਤਕ ਮੁੱਦਿਆਂ 'ਤੇ ਸਹਿਮਤੀ ਨਾਂ ਬਣ ਸਕਣ ਕਾਰਨ ਇਹ ਤਾਲਮੇਲ ਅੱਗੇ ਨਹੀਂ ਵੱਧ ਸਕਿਆ। ਇਹ ਬਿਆਨ ਜਾਰੀ ਕਰਦਿਆਂ 'ਅਕਾਲੀ ਦਲ-ਵਾਰਿਸ ਪੰਜਾਬ ਦੇ' ਦੀ ਚਾਰ ਮੈਂਬਰੀ ਤਾਲਮੇਲ ਕਮੇਟੀ ਦੇ ਮੈਂਬਰ ਬਾਬੂ ਸਿੰਘ ਬਰਾੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਪ੍ਰਗਟ ਸਿੰਘ ਰਈਆ ਅਤੇ ਭਾਈ ਰਛਪਾਲ ਸਿੰਘ ਸੋਸਣ ਨੇ ਕਿਹਾ ਕਿ ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ ਦੀ ਸਪੱਸ਼ਟ ਭਾਵਨਾ ਹੈ ਕਿ ਪੰਥ ਅਤੇ ਪੰਜਾਬ ਦੀ ਅਗਵਾਈ ਸਿਰਫ ਉਹੀ ਆਗੂ ਕਰਨ ਜੋ ਪੰਥ ਪ੍ਰਵਾਨਿਤ, ਇਮਾਨਦਾਰ ਅਤੇ ਸਾਫ-ਸੁਥਰੇ ਅਕਸ ਵਾਲੇ ਹੋਣ। ਉਹਨਾਂ ਕਿਹਾ ਕਿ "ਪੰਥਕ ਏਕਤਾ ਤਾਲਮੇਲ ਕਮੇਟੀ" ਦੇ ਗਠਨ ਤੋਂ ਪਹਿਲਾਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 2 ਦਸੰਬਰ ਨੂੰ ਜਾਰੀ ਹੋਏ ਹੁਕਮਨਾਮੇ ਦੀ ਰੌਸ਼ਨੀ ਵਿੱਚ ਇਹ ਆਪਸੀ ਸਹਿਮਤੀ ਬਣੀ ਸੀ ਕਿ ਜਿਹੜੇ ਆਗੂ "ਪੰਥ ਦੀ ਅਗਵਾਈ ਕਰਨ ਦਾ ਨੈਤਿਕ ਆਧਾਰ ਗੁਆ ਚੁੱਕੇ ਹਨ", ਉਹਨਾਂ ਨੂੰ ਅਗਵਾਈ ਤੋਂ ਪਾਸੇ ਕੀਤਾ ਜਾਵੇਗਾ। ਪਰੰਤੂ ਦੂਜੀ ਧਿਰ ਵੱਲੋਂ ਨਾਂ ਸਿਰਫ ਅਜਿਹੇ ਆਗੂਆਂ ਨੂੰ ਸਨਮਾਨਿਤ ਅਹੁਦੇ ਦਿੱਤੇ ਗਏ, ਸਗੋਂ ਉਹਨਾਂ ਨੂੰ ਅਗਵਾਈ ਦੀ ਕਮਾਨ ਵੀ ਸੌਂਪੀ ਗਈ, ਜੋ ਪੰਥਕ ਏਕਤਾ ਦੀ ਭਾਵਨਾ ਅਤੇ ਸੰਗਤਾਂ ਦੀਆਂ ਉਮੀਦਾਂ ਦੇ ਉਲਟ ਹੈ। ਉਹਨਾਂ ਕਿਹਾ ਕਿ ਦੂਜੀ ਧਿਰ ਦੀ ਲੀਡਰਸ਼ਿਪ ਵੱਲੋਂ ਲਗਾਤਾਰ ਗੈਰ-ਜਿੰਮੇਵਾਰਾਨਾ ਬਿਆਨਬਾਜ਼ੀ ਕੀਤੀ ਜਾ ਰਹੀ ਸੀ, ਜਿਸ ਨਾਲ ਗਠਜੋੜ ਦੀ ਬੁਨਿਆਦ ਹੀ ਕਮਜ਼ੋਰ ਹੋ ਰਹੀ ਸੀ। ਇਸ ਸਥਿਤੀ ਨੂੰ ਵੇਖਦਿਆਂ ਅਤੇ 'ਅਕਾਲੀ ਦਲ-ਵਾਰਿਸ ਪੰਜਾਬ ਦੇ' ਦੀ ਸੀਨੀਅਰ ਲੀਡਰਸ਼ਿਪ ਵੱਲੋਂ ਵਿਸਥਾਰਤ ਰਾਇ-ਮਸ਼ਵਰਾ ਕਰਨ ਉਪਰੰਤ ਇਹ ਫੈਸਲਾ ਲਿਆ ਗਿਆ ਹੈ। ਤਾਲਮੇਲ ਕਮੇਟੀ ਨੇ ਇਹ ਵੀ ਕਿਹਾ ਕਿ ਦੂਜੀ ਧਿਰ ਵਿੱਚ ਮੌਜੂਦ ਕਈ ਸੁਹਿਰਦ, ਪੰਥਕ ਸੋਚ ਵਾਲੇ ਅਤੇ ਸਾਫ ਅਕਸ ਦੇ ਆਗੂਆਂ ਨੇ ਇਸ ਗਠਜੋੜ ਨੂੰ ਸਫਲ ਬਣਾਉਣ ਲਈ ਇਮਾਨਦਾਰ ਕੋਸ਼ਿਸ਼ਾਂ ਕੀਤੀਆਂ, ਪਰ ਮੌਜੂਦਾ ਹਾਲਾਤਾਂ ਵਿੱਚ ਉਹ ਖੁਦ ਵੀ ਬੇਵੱਸ ਨਜ਼ਰ ਆ ਰਹੇ ਹਨ। ਉਹਨਾਂ ਸਪੱਸ਼ਟ ਕੀਤਾ ਕਿ ਪੰਥ ਪ੍ਰਵਾਨਿਤ, ਇਮਾਨਦਾਰ ਅਤੇ ਸੁਹਿਰਦ ਆਗੂਆਂ ਲਈ 'ਅਕਾਲੀ ਦਲ-ਵਾਰਿਸ ਪੰਜਾਬ ਦੇ' ਦੇ ਦਰਵਾਜ਼ੇ ਹਮੇਸ਼ਾਂ ਖੁੱਲ੍ਹੇ ਰਹਿਣਗੇ ਅਤੇ ਪੰਥ ਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਸਾਫ-ਸੁਥਰੀ ਪੰਥਕ ਸਿਆਸਤ ਦਾ ਸੰਘਰਸ਼ ਜਾਰੀ ਰਹੇਗਾ।

## ਛੋਟੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਕੋਟਾਨ-ਕੋਟ ਪ੍ਰਣਾਮ, ਕੌਮ ਨੂੰ ਇਤਿਹਾਸ ਤੋਂ ਸੇਧ ਲੈ ਕੇ ਆਪਸੀ ਪਿਆਰ ਵਧਾਉਣ ਦੀ ਲੋੜ: ਜਥੇਦਾਰ

ਅੰਮ੍ਰਿਤਸਰ, 17 ਮਈ (ਆਵਾਜ਼ਿ ਕੌਮ ਬਿਊਰੋ)– ਗੁਰਦੁਆਰਾ ਮੰਜੀ ਹਾਲ ਸਾਹਿਬ ਵਿਖੇ ਕਥਾ ਕਰਨ



ਉਪਰੰਤ ਪੱਤਰਕਾਰਾਂ ਅਤੇ ਸੰਗਤਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਮੁੱਚੀ ਸਿੱਖ ਕੌਮ ਨੂੰ ਆਪਣੇ ਮਹਾਨ ਇਤਿਹਾਸ ਨਾਲ ਜੁੜਨ ਅਤੇ ਆਪਸੀ ਪ੍ਰੇਮ-ਪਿਆਰ ਕਾਇਮ ਰੱਖਣ ਦੀ ਅਪੀਲ ਕੀਤੀ ਹੈ। ਉਨ੍ਹਾਂ ਸਾਲ 1746 ਵਿੱਚ ਕਾਹਨੂੰਵਾਨ ਦੇ ਜੰਗਲਾਂ ਵਿੱਚ ਵਾਪਰੇ 'ਛੋਟੇ ਘੱਲੂਘਾਰੇ' ਦੇ ਸਮੂਹ ਸਿੰਘ-ਸਿੰਘਣੀਆਂ, ਬੱਚਿਆਂ ਅਤੇ ਬਜ਼ੁਰਗਾਂ ਦੀ ਸ਼ਹਾਦਤ ਨੂੰ ਕੋਟਾਨ-ਕੋਟ ਪ੍ਰਣਾਮ ਕੀਤਾ। ਜਥੇਦਾਰ ਨੇ ਇਤਿਹਾਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਲੱਖਪਤ ਰਾਏ ਵਰਗੇ ਜਰਵਾਣਿਆਂ ਨੇ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਲਈ ਜੰਗਲਾਂ ਨੂੰ ਅੱਗਾਂ ਲਾਈਆਂ ਅਤੇ ਗੁੜ ਤੇ ਗ੍ਰੰਥ ਸ਼ਬਦਾਂ ਦੇ ਕਹਿਣ 'ਤੇ ਵੀ ਪਾਬੰਦੀਆਂ ਮੜ੍ਹੀਆਂ, ਪਰ ਸਿੰਘਾਂ ਨੇ ਬਿਪਤਾ ਦੇ ਸਮੇਂ ਵੀ ਗੁਰੂ ਦਾ ਓਟ-ਆਸਰਾ ਨਹੀਂ ਛੱਡਿਆ। ਉਨ੍ਹਾਂ ਰਾਵੀ ਦਰਿਆ ਦੇ ਤੇਜ਼ ਵਹਾਅ ਦੌਰਾਨ ਸਰਦਾਰ ਗੁਰਦਿਆਲ ਸਿੰਘ ਡੱਲੇਵਾਲੀਆ ਦੇ ਭਰਾਵਾਂ ਵੱਲੋਂ ਦਿੱਤੀ ਬੇਮਿਸਾਲ ਸ਼ਹਾਦਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਕੌਮ ਨੂੰ ਅਜਿਹੇ ਨਿਰਸੁਆਰਥ ਆਪਸੀ ਪਿਆਰ ਅਤੇ ਚੜ੍ਹਦੀ ਕਲਾ ਦੀ ਸਖ਼ਤ ਲੋੜ ਹੈ। ਇੱਕ ਅਹਿਮ ਕਾਨੂੰਨੀ ਬਿੱਲ ਬਾਰੇ ਸੰਗਤਾਂ ਨੂੰ ਸੁਚੇਤ ਕਰਦਿਆਂ ਜਥੇਦਾਰ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਿੱਖ ਇਸ ਮੁਲਕ ਵਿੱਚ ਇੱਕ ਘੱਟ-ਗਿਣਤੀ ਕੌਮ ਹਨ ਅਤੇ ਉਨ੍ਹਾਂ ਦੀ ਮਰਜ਼ੀ ਤੋਂ ਬਿਨਾਂ ਕੋਈ ਵੀ ਕਾਨੂੰਨ ਨਹੀਂ ਬਣਾਇਆ ਜਾ ਸਕਦਾ। ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਰਵਉੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਬਾਈਪਾਸ ਕਰਕੇ ਲਏ ਗਏ ਫ਼ੈਸਲੇ ਕਦੇ ਵੀ ਪ੍ਰਵਾਨ ਨਹੀਂ ਕੀਤੇ ਜਾਣਗੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਅੱਜ ਮਨਮਰਜ਼ੀ ਨਾਲ ਬਣਾਏ ਕਾਨੂੰਨ ਭਲਕੇ ਕੌਮ ਖਿਲਾਫ਼ ਵੱਡੀ ਸਾਜ਼ਿਸ਼ ਦਾ ਰੂਪ ਧਾਰ ਸਕਦੇ ਹਨ।



## ਪੰਜਾਬ 'ਚ ਪੈਟਰੋਲ-ਡੀਜ਼ਲ ਤੋਂ ਬਾਅਦ ਹੁਣ ਸੀਐਨਜੀ ਵੀ ਹੋਈ ਮਹਿੰਗੀ

ਚੰਡੀਗੜ੍ਹ, 17 ਮਈ (ਆਵਾਜ਼ਿ ਕੌਮ ਬਿਊਰੋ)– ਪੈਟਰੋਲ-ਡੀਜ਼ਲ ਤੋਂ ਬਾਅਦ ਹੁਣ ਸੀਐਨਜੀ ਵੀ ਮਹਿੰਗੀ ਹੋ ਗਈ ਹੈ। ਸ਼ਨੀਵਾਰ ਰਾਤ ਤੋਂ ਸੀਐਨਜੀ ਦੇ ਰੇਟਾਂ ਵਿੱਚ ਪ੍ਰਤੀ ਕਿਲੋ 3 ਰੁਪਏ ਤੱਕ ਵਾਧਾ ਕੀਤਾ ਗਿਆ ਹੈ। ਭੋਪਾਲ ਵਿੱਚ ਹੁਣ 1 ਕਿਲੋ ਸੀਐਨਜੀ ਦੀ ਕੀਮਤ 93.75 ਰੁਪਏ ਹੋ ਗਈ ਹੈ। ਨਵੇਂ ਰੇਟ ਅੱਜ ਤੋਂ ਲਾਗੂ ਹੋ ਗਏ ਹਨ। 3 ਗੈਸ ਏਜੰਸੀਆਂ ਥਿੰਕ, ਗੇਲ ਅਤੇ ਅਵੰਤਿਕਾ ਸੀਐਨਜੀ ਦੀ ਸਪਲਾਈ ਕਰਦੀਆਂ ਹਨ। ਭੋਪਾਲ, ਸੀਹੋਰ, ਰਾਜਗੜ੍ਹ, ਵਿਦਿਸ਼ਾ ਸਮੇਤ ਆਸਪਾਸ ਦੇ ਜ਼ਿਲ੍ਹਿਆਂ ਵਿੱਚ ਥਿੰਕ ਕੰਪਨੀ ਸਪਲਾਈ ਕਰਦੀ ਹੈ, ਜਦਕਿ ਇੰਦੌਰ, ਉੱਜੈਨ ਅਤੇ ਗਵਾਲਿਯਰ ਖੇਤਰ ਵਿੱਚ ਅਵੰਤਿਕਾ ਵੱਲੋਂ ਸਪਲਾਈ ਕੀਤੀ ਜਾਂਦੀ ਹੈ। ਗੇਲ ਕੰਪਨੀ ਵੀ ਕਈ ਜ਼ਿਲ੍ਹਿਆਂ ਵਿੱਚ ਸੀਐਨਜੀ ਸਪਲਾਈ ਕਰਦੀ ਹੈ। ਭੋਪਾਲ ਅਤੇ ਨੇੜਲੇ ਜ਼ਿਲ੍ਹਿਆਂ ਵਿੱਚ ਦੋ ਮਹੀਨਿਆਂ ਦੌਰਾਨ ਇਹ ਦੂਜੀ ਵਾਰ ਹੈ ਜਦੋਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਵੀ ਲਗਭਗ 2 ਰੁਪਏ ਦਾ ਵਾਧਾ ਹੋਇਆ ਸੀ। ਇਸ ਤਰ੍ਹਾਂ ਪਿਛਲੇ 2 ਮਹੀਨਿਆਂ ਵਿੱਚ ਸੀਐਨਜੀ 5 ਰੁਪਏ ਪ੍ਰਤੀ ਕਿਲੋ ਤੱਕ ਮਹਿੰਗੀ ਹੋ ਚੁੱਕੀ ਹੈ। ਹਾਲ ਹੀ ਵਿੱਚ ਰਾਜ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਣ ਤੋਂ ਬਾਅਦ ਹੁਣ ਸੀਐਨਜੀ ਖਪਤਕਾਰਾਂ ਨੂੰ ਵੀ ਵੱਡਾ ਝਟਕਾ ਲੱਗਾ ਹੈ। ਪੰਜਾਬ ਦੇ ਕਈ ਹਿੱਸਿਆਂ ਵਿੱਚ ਸੀਐਨਜੀ ਸਪਲਾਈ ਕਰਨ ਵਾਲੀ ਮੁੱਖ ਕੰਪਨੀ THINK Gas ਨੇ ਆਪਣੀਆਂ ਕੀਮਤਾਂ ਵਿੱਚ ਸਿੱਧਾ 2 ਰੁਪਏ ਪ੍ਰਤੀ ਕਿਲੋਗ੍ਰਾਮ ਦਾ ਵਾਧਾ ਕਰ ਦਿੱਤਾ ਹੈ। ਵਧੀਆਂ ਹੋਈਆਂ ਕੀਮਤਾਂ ਕੱਲ੍ਹ ਤੋਂ ਹੀ ਲਾਗੂ ਹੋ ਚੁੱਕੀਆਂ ਹਨ। ਜੇ ਉਦਯੋਗਿਕ ਨਗਰੀ ਲੁਧਿਆਣਾ ਦੀ ਗੱਲ ਕਰੀਏ ਤਾਂ ਇੱਥੇ ਥਿੰਕ ਸੀਐਨਜੀ ਦੇ ਰੇਟ ਵਿੱਚ ਪੂਰੇ 2 ਰੁਪਏ ਦਾ ਉਛਾਲ ਆਇਆ ਹੈ। ਇਸ ਵਾਧੇ ਤੋਂ ਪਹਿਲਾਂ ਲੁਧਿਆਣਾ ਵਿੱਚ ਥਿੰਕ ਸੀਐਨਜੀ ਦਾ ਰੇਟ 86.75 ਰੁਪਏ ਪ੍ਰਤੀ ਕਿਲੋਗ੍ਰਾਮ ਸੀ, ਜੋ ਹੁਣ ਵੱਧ ਕੇ 88.75 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਿਆ ਹੈ। ਕੱਲ੍ਹ ਤੋਂ ਹੀ ਸ਼ਹਿਰ ਦੇ ਸਾਰੇ ਮੁੱਖ ਥਿੰਕ ਗੈਸ ਸਟੇਸ਼ਨਾਂ 'ਤੇ ਵਾਹਨ ਚਾਲਕਾਂ ਨੂੰ ਇਸੇ ਵਧੇ ਹੋਏ ਰੇਟ 'ਤੇ ਗੈਸ ਰੀਫ਼ਿਲ ਕਰਵਾਉਣੀ ਪੈ ਰਹੀ ਹੈ।

### ਕੜਾਹ ਪ੍ਰਸਾਦਿ ਦੇ ਇਕ ਨਵੇਂ ਕਾਊਂਟਰ ਦੇ ਨਿਰਮਾਣ ਲਈ ਲਗਾਇਆ ਟੱਕ

## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਈ ਪੰਥਕ ਇਕੱਤਰਤਾ 'ਚ ਐਡਵੋਕੇਟ ਧਾਮੀ ਤੇ ਜਥੇਦਾਰ ਗੜਗੱਜ ਹੋਏ ਸ਼ਾਮਲ



ਤਲਵੰਡੀ ਸਾਬੋ , 17 ਮਈ (ਆਵਾਜ਼ਿ ਕੌਮ ਬਿਊਰੋ)– ਪੰਜਾਬ ਸਰਕਾਰ ਵਲੋਂ ਬਣਾਏ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ ਸਬੰਧੀ ਸਿੱਖ ਸੰਗਤਾਂ ਦੀ ਅੱਜ ਸਿੱਖ ਕੌਮ ਦੇ ਚੌਥੇ ਤਖ਼ਤ, ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਬੁਲਾਈ ਇਕੱਤਰਤਾ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤਖ਼ਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਏ ਹਨ। ਇਸ ਪੰਥਕ ਇਕੱਤਰਤਾ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਵੀ ਸ਼ਾਮਲ ਹੋਏ। ਇਸ ਮੌਕੇ ਅਰਦਾਸ ਉਪਰੰਤ ਪੰਜ ਪਿਆਰੇ ਸਾਹਿਬਾਨ ਵਲੋਂ ਤਖ਼ਤ ਸਾਹਿਬ ਵਿਖੇ ਕੜਾਹ ਪ੍ਰਸਾਦਿ ਦੇ ਇਕ ਨਵੇਂ ਕਾਊਂਟਰ ਦੇ ਨਿਰਮਾਣ ਲਈ ਵੀ ਟੱਕ ਲਗਾਇਆ ਗਿਆ । ਗੱਲਬਾਤ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਤਖ਼ਤ ਸਾਹਿਬ ਵਿਖੇ ਜਲਦ ਇੱਕ ਨਵੀਂ ਸਰਾਂ ਦੀ ਉਸਾਰੀ ਸ਼ੁਰੂ ਕਰਵਾਈ ਜਾਵੇਗੀ। ਇਸ ਮੌਕੇ ਪ੍ਰਧਾਨ ਧਾਮੀ ਤੋਂ ਇਲਾਵਾ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਮੌਜੂਦ ਸਨ।

## ਭਗਵੰਤ ਮਾਨ ਸਰਕਾਰ ਵੱਲੋਂ ਰਾਜ ਭਰ ਵਿੱਚ ਸਕ੍ਰੀਨਿੰਗ, ਰੋਕਥਾਮ ਅਤੇ ਕੈਸ਼ਲੈੱਸ ਇਲਾਜ ਦਾ ਵਿਸਥਾਰ

ਚੰਡੀਗੜ੍ਹ, 18 ਮਈ (ਆਵਾਜ਼ਿ ਕੌਮ ਬਿਊਰੋ)–ਜਦੋਂ ਸੰਸਾਰ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾ ਰਿਹਾ ਹੈ, ਉਸ ਵੇਲੇ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਹਾਈਪਰਟੈਂਸ਼ਨ ਅਤੇ ਇਸ ਨਾਲ ਜੁੜੀਆਂ ਬੀਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਨੂੰ ਸਸਤੀ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾ ਕੇ ਵੱਡੀ ਰਾਹਤ ਦੇ ਰਹੀ ਹੈ। ਹਾਈਪਰਟੈਂਸ਼ਨ, ਜਿਸਨੂੰ ਆਮ ਤੌਰ 'ਤੇ ਹਾਈ ਬਲੱਡ ਪ੍ਰੈਸ਼ਰ ਕਿਹਾ ਜਾਂਦਾ ਹੈ, ਨੂੰ ਡਾਕਟਰ ਅਕਸਰ 'ਸਾਇਲੈਂਟ ਕਿਲਰ' ਕਹਿੰਦੇ ਹਨ। ਇਹ ਬਿਨਾਂ ਕਿਸੇ ਸਪੱਸ਼ਟ ਚੇਤਾਵਨੀ ਦੇ ਸਟ੍ਰੋਕ, ਹਾਰਟ ਫੇਲਿਅਰ ਜਾਂ ਕਿਡਨੀ ਰੋਗ ਵਰਗੀਆਂ ਗੰਭੀਰ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ। ਇਹ ਬੀਮਾਰੀ ਲਗਭਗ ਹਰ ਉਮਰ ਵਰਗ ਵਿੱਚ ਦੇਖੀ ਜਾ ਰਹੀ ਹੈ। ਸਭ ਉਮਰ ਵਰਗਾਂ ਵਿੱਚ ਵਧ ਰਹੇ ਹਾਈਪਰਟੈਂਸ਼ਨ ਦੇ ਮਾਮਲਿਆਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਰੋਕਥਾਮ, ਜਲਦੀ ਪਛਾਣ ਅਤੇ ਇਲਾਜ 'ਤੇ ਖਾਸ ਧਿਆਨ ਦੇ ਰਹੀ ਹੈ। ਜਿੱਥੇ ਸੀ.ਐੱਮ. ਦੀ ਯੋਗਸ਼ਾਲਾ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰ ਰਹੀ ਹੈ, ਉੱਥੇ ਆਮ ਆਦਮੀ ਕਲੀਨਿਕ ਜਲਦੀ ਸਕ੍ਰੀਨਿੰਗ ਯਕੀਨੀ ਬਣਾ ਰਹੇ ਹਨ (1 ਕਰੋੜ ਲੋਕਾਂ ਦੀ ਜਾਂਚ, 24 ਲੱਖ ਇਲਾਜ ਅਧੀਨ), ਅਤੇ ਮੁੱਖ ਮੰਤਰੀ ਸਿਹਤ ਯੋਜਨਾ ਕੈਸ਼ਲੈੱਸ ਇਲਾਜ ਪ੍ਰਦਾਨ ਕਰਕੇ ਸਟ੍ਰੋਕ ਅਤੇ ਦਿਲ ਦੀਆਂ ਬੀਮਾਰੀਆਂ ਵਰਗੀਆਂ ਗੰਭੀਰ ਜਟਿਲਤਾਵਾਂ ਤੋਂ ਬਚਾਅ ਵਿੱਚ ਮਦਦ ਕਰ ਰਹੀ ਹੈ। ਵਿਸ਼ਵ ਸਿਹਤ ਸੰਗਠਨ ਅਨੁਸਾਰ ਭਾਰਤ ਵਿੱਚ ਉੱਚ ਰਕਤਚਾਪ ਦਾ ਬੋਝ ਤੇਜ਼ੀ ਨਾਲ ਵਧ ਰਿਹਾ ਹੈ, ਜਿਸਦੇ ਮੁੱਖ ਕਾਰਨ ਗਲਤ ਖ਼ੁਰਾਕ, ਤਣਾਅ, ਤੰਬਾਕੂ ਦਾ ਸੇਵਨ, ਸਰੀਰਕ ਗਤੀਵਿਧੀ ਦੀ ਕਮੀ ਅਤੇ ਅਨਿਯਮਿਤ ਜੀਵਨਸ਼ੈਲੀ ਹਨ। ਡਾਕਟਰਾਂ ਦਾ ਕਹਿਣਾ ਹੈ ਕਿ ਬਹੁਤ ਸਾਰੇ ਮਰੀਜ਼ਾਂ ਨੂੰ ਇਸ ਬੀਮਾਰੀ ਦਾ ਪਤਾ ਉਦੋਂ ਲੱਗਦਾ ਹੈ ਜਦੋਂ ਗੰਭੀਰ ਜਟਿਲਤਾਵਾਂ ਪੈਦਾ ਹੋ ਜਾਂਦੀਆਂ ਹਨ। ਇਸ ਵਧ ਰਹੇ ਸਿਹਤ ਸੰਕਟ ਦੇ ਦਰਮਿਆਨ ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਇੱਕ ਮਜ਼ਬੂਤ ਸੁਰੱਖਿਆ ਕਵਚ ਵਜੋਂ ਸਾਹਮਣੇ ਆਈ ਹੈ। ਇਹ ਯੋਜਨਾ ਹਜ਼ਾਰਾਂ ਮਰੀਜ਼ਾਂ ਨੂੰ ਮਹਿੰਗੇ ਇਲਾਜ ਦੇ ਡਰ ਤੋਂ ਬਿਨਾਂ ਹਾਈਪਰਟੈਂਸ਼ਨ ਅਤੇ ਇਸ ਨਾਲ ਸੰਬੰਧਿਤ ਬੀਮਾਰੀਆਂ ਦਾ ਇਲਾਜ ਮੁਹੱਈਆ ਕਰਵਾ ਰਹੀ ਹੈ। ਇਸ ਵਿਸ਼ਵ ਹਾਈਪਰਟੈਂਸ਼ਨ ਦਿਵਸ 'ਤੇ, ਮੁੱਖ ਮੰਤਰੀ ਸਿਹਤ ਯੋਜਨਾ ਦੀ ਸਭ ਤੋਂ ਵੱਡੀ ਉਪਲੱਬਧੀ ਸਿਰਫ਼ ਨਿਪਟਾਏ ਗਏ ਮਾਮਲਿਆਂ ਦੀ ਗਿਣਤੀ ਨਹੀਂ, ਸਗੋਂ ਉੱਚ ਰਕਤਚਾਪ ਦੀ ਰੋਕਥਾਮ ਅਤੇ ਸਮੇਂ ਸਿਰ ਪਛਾਣ 'ਤੇ ਦਿੱਤਾ ਗਿਆ।



# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ



# ਸ਼ਬਦ ਕੀਰਤਨ ਅਤੇ ਕਥਾ ਸਮਾਗਮ



## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | | |
|---|---|---|---|---|
| 1 ਮਈ ਸ਼ੁੱਕਰਵਾਰ — ਜਬੋਵਾਲ — ਸ਼ਾਮ 6 ਤੋਂ 8 ਵਜੇ ਤੱਕ | 2 ਮਈ ਸ਼ਨੀਵਾਰ — ਹਯਾਤ (ਗੁਰਦਾਸਪੁਰ) — ਸ਼ਾਮ 6 ਤੋਂ 8 ਵਜੇ ਤੱਕ | 3 ਮਈ ਐਤਵਾਰ — ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ — ਸ਼ਾਮ 6 ਤੋਂ 8 ਵਜੇ ਤੱਕ | 4 ਮਈ ਸੋਮਵਾਰ — ਕਾਹਲਵਾਂ — ਸ਼ਾਮ 6 ਤੋਂ 8 ਵਜੇ ਤੱਕ | 5 ਮਈ ਮੰਗਲਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ, ਸਵੇਰੇ 12 ਤੋਂ 2 ਵਜੇ ਤੱਕ / ਨਿੱਕੇ ਘੁੰਮਣ, ਸ਼ਾਮ 6 ਤੋਂ 8 ਵਜੇ ਤੱਕ |
| 6 ਮਈ ਬੁੱਧਵਾਰ — ਚੋਣੇ — ਸ਼ਾਮ 6 ਤੋਂ 8 ਵਜੇ ਤੱਕ | 7 ਮਈ ਵੀਰਵਾਰ — ਮੁਰਾਦਪੁਰ — ਸ਼ਾਮ 6 ਤੋਂ 8 ਵਜੇ ਤੱਕ | 8 ਮਈ ਸ਼ੁੱਕਰਵਾਰ — ਢੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ | 9 ਮਈ ਸ਼ਨੀਵਾਰ — ਅਬਦਾਲ, ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ — ਸ਼ਾਮ 6 ਤੋਂ 8 ਵਜੇ ਤੱਕ | 10 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ — ਸ਼ਾਮ 6 ਤੋਂ 8 ਵਜੇ ਤੱਕ |
| 11 ਮਈ ਸੋਮਵਾਰ — ਲੀਲ ਕਲਾਂ — ਸ਼ਾਮ 6 ਤੋਂ 8 ਵਜੇ ਤੱਕ | 12 ਮਈ ਮੰਗਲਵਾਰ — ਭਲਾਈਪੁਰ ਪੁਰਬਾਂ — ਸ਼ਾਮ 6 ਤੋਂ 8 ਵਜੇ ਤੱਕ | 13 ਮਈ ਬੁੱਧਵਾਰ — ਖਲੈਹਿਰਾ — ਸ਼ਾਮ 6 ਤੋਂ 8 ਵਜੇ ਤੱਕ | 14 ਮਈ ਵੀਰਵਾਰ — ਜਫਰਵਾਲ — ਸ਼ਾਮ 6 ਤੋਂ 8 ਵਜੇ ਤੱਕ | 15 ਮਈ ਸ਼ੁੱਕਰਵਾਰ — ਲਾਲਪੁਰਾ (ਗੁਰਦਾਸਪੁਰ) — ਸ਼ਾਮ 6 ਤੋਂ 8 ਵਜੇ ਤੱਕ |
| 16 ਮਈ ਸ਼ਨੀਵਾਰ — ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) — ਸ਼ਾਮ 6 ਤੋਂ 8 ਵਜੇ ਤੱਕ | 17 ਮਈ ਐਤਵਾਰ — ਗੜ੍ਹੀ ਗੁਰਦਾਸ ਨੰਗਲ, ਗੁ: ਗ੍ਰਿਫਤਾਰੀ ਸਾਹਿਬ — ਸ਼ਾਮ 6 ਤੋਂ 8 ਵਜੇ ਤੱਕ | 18 ਮਈ ਸੋਮਵਾਰ — ਝਲਾੜੀ — ਸ਼ਾਮ 6 ਤੋਂ 8 ਵਜੇ ਤੱਕ | 19 ਮਈ ਮੰਗਲਵਾਰ — ਗੱਗੜਭਾਣਾ — ਸ਼ਾਮ 6 ਤੋਂ 8 ਵਜੇ ਤੱਕ | 20 ਮਈ ਬੁੱਧਵਾਰ — ਧਰਦਿਓ — ਸ਼ਾਮ 6 ਤੋਂ 8 ਵਜੇ ਤੱਕ |
| 21 ਮਈ ਵੀਰਵਾਰ — ਵੀਲਾ / ਮੀਕੇ — ਸ਼ਾਮ 6 ਤੋਂ 8 ਵਜੇ ਤੱਕ | 22 ਮਈ ਸ਼ੁੱਕਰਵਾਰ — ਸਿਆਲਕਾ — ਸ਼ਾਮ 6 ਤੋਂ 8 ਵਜੇ ਤੱਕ | 23 ਮਈ ਸ਼ਨੀਵਾਰ — ਖੱਬੇਰਾਜਪੂਤਾਂ — ਸ਼ਾਮ 6 ਤੋਂ 8 ਵਜੇ ਤੱਕ | 24 ਮਈ ਐਤਵਾਰ — ਜਲਾਲ ਉਸਮਾਂ — ਸ਼ਾਮ 6 ਤੋਂ 8 ਵਜੇ ਤੱਕ | 25 ਮਈ ਸੋਮਵਾਰ — ਸਹਾਇਪੁਰ — ਸ਼ਾਮ 6 ਤੋਂ 8 ਵਜੇ ਤੱਕ |

| | | | | | |
|---|---|---|---|---|---|
| 26 ਮਈ ਮੰਗਲਵਾਰ — ਜੇਠੂਵਾਲ — ਸ਼ਾਮ 6 ਤੋਂ 8 ਵਜੇ ਤੱਕ | 27 ਮਈ ਬੁੱਧਵਾਰ — ਬੁਤਾਲਾ (ਨਿਪਸ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ | 28 ਮਈ ਵੀਰਵਾਰ — ਗੁ: ਰਾਮ ਥੰਮਣ — ਸ਼ਾਮ 6 ਤੋਂ 8 ਵਜੇ ਤੱਕ | 29 ਮਈ ਸ਼ੁੱਕਰਵਾਰ — ਸਠਿਆਲਾ — ਸ਼ਾਮ 6 ਤੋਂ 8 ਵਜੇ ਤੱਕ | 30 ਮਈ ਸ਼ਨੀਵਾਰ — ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ | 31 ਮਈ ਐਤਵਾਰ — ਮਹਿਤਾ ਚੌਂਕ — ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 98158-14158, 84376-91626**


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243










**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ





Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV








# 2 ਜੂਨ ਨੂੰ ਪਿੰਡ ਰੋਡੇ ਪੁੱਜੋ

--✶ ਬੇਨਤੀ ਕਰਤਾ ✶--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੌਡੇ ਪਹੁੰਚੌ



ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ



ਆਵਾਜ਼ਿ ਕੌਮ
AWAZE QAUM
International Newspaper & WEB TV

ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

# ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਜ਼ੋਰਾਂ ’ਤੇ

**ਜਲੰਧਰ, 16 ਮਈ (ਆਵਾਜ਼ਿ ਕੌਮ ਬਿਊਰੋ)**-ਉੱਤਰੀ ਭਾਰਤ ਵਿੱਚ ਭਿਆਨਕ ਗਰਮੀ ਵਾਲੇ ਮਾਹੌਲ ਦੇ ਬਾਵਜੂਦ ਵੀਹਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ 2 ਜੂਨ ਨੂੰ ਮਨਾਏ ਜਾ ਰਹੇ ਜਨਮ ਦਿਹਾੜੇ ਦੀਆਂ ਤਿਆਰੀਆਂ ਪੂਰੇ ਉਤਸ਼ਾਹ ਅਤੇ ਜ਼ੋਰ-ਸ਼ੋਰ ਨਾਲ ਜਾਰੀ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲਿਆਂ ਨੇ ਦੱਸਿਆ ਕਿ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਦੀ ਅਗਵਾਈ ਹੇਠ ਸੰਤਾਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਦਿਨ-ਰਾਤ ਵੱਖ-ਵੱਖ ਪੰਥਕ ਸ਼ਖਸੀਅਤਾਂ, ਸੰਤਾਂ-ਮਹਾਂਪੁਰਸ਼ਾਂ ਅਤੇ ਸੰਗਤਾਂ ਨਾਲ ਰਾਬਤਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਅਤੇ ਦੇਸ਼-ਵਿਦੇਸ਼ ਵਿੱਚ ਸਰਗਰਮ ਆਗੂ ਆਪੋ-ਆਪਣੇ ਇਲਾਕਿਆਂ ਵਿੱਚ ਸੰਗਤਾਂ ਨੂੰ 2 ਜੂਨ ਨੂੰ ਪਿੰਡ ਰੋਡੇ ਵਿਖੇ ਸਥਿਤ ਗੁਰਦੁਆਰਾ ਸੰਤ ਖਾਲਸਾ ਵਿਖੇ ਪਹੁੰਚਣ ਲਈ ਸੱਦਾ ਪੱਤਰ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਪਹੁੰਚਣ ਦੀ ਸੰਭਾਵਨਾ ਹੈ, ਜਿਸ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਸੰਤ ਜੱਸੋਵਾਲ ਨੇ ਦੱਸਿਆ ਕਿ ਪਿੰਡ ਰੋਡੇ ਵਿਖੇ ਪਹੁੰਚ ਰਹੀਆਂ ਸੰਗਤਾਂ ਦੀ ਸਹੂਲਤ ਲਈ ਥਾਂ-ਥਾਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ, ਲੰਗਰਾਂ ਅਤੇ ਹੋਰ ਸੇਵਾਵਾਂ ਲਈ ਵੱਖ-ਵੱਖ ਸੰਸਥਾਵਾਂ ਅਤੇ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ ਸੰਗਤਾਂ ਦੀਆਂ ਗੱਡੀਆਂ ਅਤੇ ਮੋਟਰਾਂ ਦੀ ਪਾਰਕਿੰਗ, ਬੈਠਣ ਦੀ ਵਿਵਸਥਾ ਅਤੇ ਲੰਗਰ ਛਕਣ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਦੂਰ-ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਧਾਰਮਿਕ ਦੀਵਾਨ, ਗੁਰਬਾਣੀ ਕੀਰਤਨ, ਕਥਾ-ਵਿਚਾਰ ਅਤੇ ਪੰਥਕ ਵਿਚਾਰਾਂ ਦਾ ਵੀ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਪ੍ਰਸਿੱਧ ਰਾਗੀ, ਢਾਡੀ ਅਤੇ ਕਥਾਵਾਚਕ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ, ਇਟਲੀ, ਆਸਟਰੀਆ, ਕੈਨੇਡਾ ਅਤੇ ਅਮਰੀਕਾ ਦੇ ਸਿੰਘਾਂ ਵੱਲੋਂ ਵੀ ਸਮੂਹ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ 2 ਜੂਨ 2026 ਨੂੰ ਪਿੰਡ ਰੋਡੇ ਵਿਖੇ ਹੋ ਰਹੇ ਮਹਾਨ ਸਮਾਗਮ ਵਿੱਚ ਹੁੰਮ-ਹੁੰਮਾ ਕੇ ਪਹੁੰਚਿਆ ਜਾਵੇ ਅਤੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਮੌਕੇ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ ਵਿੱਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਜਾਣ। ਇਹ ਪ੍ਰੈਸ ਨੋਟ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਵੱਲੋਂ ਜਾਰੀ ਕੀਤਾ ਗਿਆ।






## 2 ਜੂਨ ਨੂੰ ਪਿੰਡ ਰੋਡੇ ਪੁੱਜੋ

--★ ਬੇਨਤੀ ਕਰਤਾ ★--

## ਸੰਤ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ, ਭਿੰਡਰਾਂਵਾਲੇ

ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

## ਇੱਕ ਨਜ਼ਰ ...



## ਕੇਂਦਰੀ ਅਤੇ ਆਰਮੀ ਸਕੂਲਾਂ ’ਚ ਪੰਜਾਬੀ ਨੂੰ ਹਾਸ਼ੀਏ ‘ਤੇ ਧੱਕਣ ਦੇ ਵਿਰੋਧ ’ਚ ਕੇਂਦਰੀ ਸਭਾ ਵੱਲੋਂ ਰੋਸ ਮੁਜ਼ਾਹਰਾ 22 ਮਈ ਨੂੰ

ਚੌਕ ਮਹਿਤਾ, 17 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਵਿਚਲੇ ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਨੂੰ ਹਾਸ਼ੀਏ ਤੇ ਧੱਕਣ ਦੇ ਫੈਸਲੇ ਖਿਲਾਫ਼ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ ਤਿੱਖਾ ਵਿਰੋਧ ਜਤਾਉਂਦਿਆਂ ਰੋਸ ਮੁਜ਼ਾਹਰਾ ਕਰਨ ਦਾ ਫੈਸਲਾ ਕੀਤਾ ਹੈ । ਕੇਂਦਰੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਪ੍ਰਧਾਨ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਪੰਜਾਬ ਵਿੱਚ ਪੰਜਾਬੀ ਭਾਸ਼ਾ ਨਾਲ ਹੋ ਰਹੇ ਇਸ ਵਿਵਹਾਰ ‘ਤੇ ਚਿੰਤਾ ਜਿਤਾਉਂਦਿਆਂ ਕਿਹਾ ਕਿ ਬੱਚਿਆਂ ਨੂੰ ਪੰਜਾਬੀ ਭਾਸ਼ਾ ਤੋਂ ਵਾਂਝਾ ਕਰਨਾ ਬਹੁਤ ਮੰਦਭਾਗਾ ਅਤੇ ਚਿੰਤਾਜਨਕ ਹੈ । ਉਹਨਾਂ ਕਿਹਾ ਕਿ ਆਰਮੀ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਨੂੰ ਸਕੂਲਾਂ ਵਿਚ ਭੇਜਿਆ ਸਰਕੂਲਰ ਵਾਪਸ ਕਰਵਾਉਣ ਹਿੱਤ ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ 22 ਮਈ, ਦਿਨ ਸ਼ੁਕਰਵਾਰ ਨੂੰ ਚੰਡੀਗੜ੍ਹ ਵਿਖੇ ਪੰਜਾਬ ਦੀਆਂ ਸਮੁੱਚੀਆਂ ਸਾਹਿਤ ਸਭਾਵਾਂ ਅਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬੀ ਵਿਰੋਧੀ ਇਸ ਫੈਸਲੇ ਖਿਲਾਫ਼ ਰੋਸ ਮੁਜ਼ਾਹਰਾ ਕੀਤਾ ਜਾਵੇਗਾ । ਜਿਸ ਵਿਚ ਸਾਜ਼ਿਸ਼ ਤਾਹਿਤ ਪੰਜਾਬੀ ਨੂੰ ਵਾਧੂ ਵਿਸ਼ੇ ਵਜੋਂ ਰੱਖ ਕੇ ਸੰਸਕ੍ਰਿਤ ਨੂੰ ਲਾਜ਼ਮੀ ਤੌਰ ’ਤੇ ਪੜਾਉਂਣ ਲਈ ਕਿਹਾ ਗਿਆ ਹੈ । ਇਸ ਦੌਰਾਨ ਕੇਂਦਰੀ ਸਭਾ ਦੇ ਅਹੁਦੇਦਾਰ ਡਾ: ਸਿੰਦਰਪਾਲ ਸਿੰਘ, ਦਲਜੀਤ ਸਿੰਘ ਸਾਹੀ, ਸੁਰਿੰਦਰਪ੍ਰੀਤ ਘਣੀਆ, ਬਲਵਿੰਦਰ ਸੰਧੂ, ਮੂਲ ਚੰਦ ਸ਼ਰਮਾ, ਰਾਜਿੰਦਰ ਰਾਜਨ, ਮਨਜੀਤ ਇੰਦਰਾ, ਭੁਪਿੰਦਰ ਪ੍ਰੀਤ ਕੌਰ, ਯਤਿੰਦਰ ਮਾਹਲ, ਡਾ: ਕਰਮਜੀਤ ਸਿੰਘ, ਮਾ: ਮਨਜੀਤ ਸਿੰਘ ਵੱਸੀ ਅਤੇ ਡਾ: ਪਰਮਜੀਤ ਸਿੰਘ ਬਾਠ ਨੇ ਕਿਹਾ ਕਿ ਜੇ ਫੈਸਲਾ ਵਾਪਸ ਨਾ ਹੋਇਆ ਤਾਂ ਸੂਬੇ ਭਰ ਵਿਚ ਇਸੇ ਤਰਜ਼ ’ਤੇ ਵਿਆਪਕ ਵਿਰੋਧ ਕੀਤਾ ਜਾਵੇਗਾ।

## ਹਲਕਾ ਇੰਚਾਰਜ ਰੰਧਾਵਾ ਕਾਤਰੋਂ ਨੂੰ ਸਦਮਾ, ਮਾਤਾ ਦਾ ਦੇਹਾਂਤ, ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ



ਧੂਰੀ, 17 ਮਈ ( ਰਣਜੀਤ ਸਿੰਘ ਪੇਧਨੀ )-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਧੂਰੀ ਤੋਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦੋਂ ਉਹਨਾਂ ਦੇ ਸਤਿਕਾਰਯੋਗ ਮਾਤਾ ਜੀ ਅਚਾਨਕ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਹਨ ।ਪਰਿਵਾਰ ਦੇ ਨਾਲ ਇਸ ਦੁੱਖ ਦੀ ਘੜੀ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ, ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ, ਭੁਪਿੰਦਰ ਸਿੰਘ ਭਲਵਾਨ ਮੈਬਰ ਐਸਜੀਪੀਸੀ, ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਵਿੰਨਰਜੀਤ ਸਿੰਘ ਗੋਲਡੀ, ਹਰੀ ਸਿੰਘ ਪ੍ਰੀਤ ਨਾਭਾ, ਅਰਵਿੰਦ ਖੰਨਾ ਹਲਕਾ ਇੰਚਾਰਜ ਸੰਗਰੂਰ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ, ਯੂਥ ਵਿੰਗ ਦੇ ਜਿਲਾ ਪ੍ਰਧਾਨ ਹਰਪਾਲ ਸਿੰਘ ਖਡਿਆਲ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਸਾਬਕਾ ਵਿਧਾਇਕ ਦਲਵੀਰ ਸਿੰਘ ਖੰਗੂੜਾ, ਕਾਂਗਰਸੀ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ, ਗਮਦੂਰ ਸਿੰਘ ਭਸੌੜ, ਪਰਮਜੀਤ ਸਿੰਘ ਪੰਮਾ ਬਾਠ, ਪਰਮਜੀਤ ਸਿੰਘ ਖਾਲਸਾ, ਸੰਤ ਬਾਬਾ ਰਾਜਵਿੰਦਰ ਸਿੰਘ ਟਿੱਬਾ, ਸਮਾਜ ਸੇਵੀ ਭਾਨ ਸਿੰਘ ਖਾਲਸਾ, ਹਰਬੰਸ ਸਿੰਘ ਸੇਰਪੁਰ, ਸਰਪੰਚ ਗੁਰਮੀਤ ਸਿੰਘ ਮਾਹਮਦਪੁਰ, ਨਰਿੰਦਰ ਸਿੰਘ ਕਾਲਾਬੂਲਾ, ਸਾਧੂ ਸਿੰਘ ਪੇਧਨੀ, ਮਨਜੀਤ ਸਿੰਘ ਧਾਮੀ, ਹਰਬੰਸ ਸਿੰਘ ਸਲੇਮਪੁਰ, ਅਮਰਜੀਤ ਸਿੰਘ ਬਾਦਸਾਹਪੁਰ, ਅਕਾਲੀ ਦਲ ਅੰਮ੍ਰਿਤਸਰ, ਨਾਥ ਸਿੰਘ ਹਮੀਦੀ ਹਲਕਾ ਇੰਚਾਰਜ ਮਹਿਲ ਕਲਾਂ, ਡਾਕਟਰ ਕਰਨਵੀਰ ਸਿੰਘ, ਸੰਜੀਵ ਕੁਮਾਰ ਪਿੰਟਾ ਸਹਿਰੀ ਪ੍ਰਧਾਨ, ਨਿਰਭੈ ਸਿੰਘ ਹੇੜੀਕੇ, ਜਗਰੂਪ ਸਿੰਘ, ਹਰਿੰਦਰ ਸਿੰਘ ਰਾਜੋਮਾਜਰਾ, ਅਮਰਿੰਦਰ ਸਿੰਘ, ਗੁਰਦਿਆਲ ਸਿੰਘ ਕਾਂਝਲਾ, ਅਮਰੀਕ ਸਿੰਘ, ਫੌਜੀ ਰਾਮ ਸਿੰਘ ਆਦਿ ਆਗੂਆਂ ਨੇ ਜਿੱਥੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ, ਉੱਥੇ ਹੀ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸੇ ।

## ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਸਾਹਿਬ ਦੇ ਨਾਂ ਅਤੇ ਤਸਵੀਰਾਂ ਦੀ ਵਪਾਰਕ ਵਰਤੋਂ ਸਬੰਧੀ ਸਖ਼ਤ ਚੇਤਾਵਨੀ: ਸੁਪਰਡੈਂਟ

ਚੌਕ ਮਹਿਤਾ,17 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)ਨਾਂਦੇੜ ਸ਼ਹਿਰ ਵਿਖੇ ਸੁਸ਼ੋਭਿਤ ’ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ’ ਸਮੁੱਚੀ ਦੁਨੀਆ ਵਿੱਚ ਸਿੱਖ ਕੌਮ ਦੇ ਅਹਿਮ ਅਤੇ ਪਵਿੱਤਰ ਅਸਥਾਨ ਵਜੋਂ ਜਾਣਿਆ ਜਾਂਦਾ ਹੈ। ਇਹ ਮਹਾਨ ਅਸਥਾਨ ਸਰਬੰਸਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚਰਨ-ਛੋਹ ਪ੍ਰਾਪਤ ਪਾਵਨ ਧਰਤੀ ਹੈ, ਜਿਸ ਪ੍ਰਤੀ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੀ ਅਥਾਹ ਸ਼ਰਧਾ ਹੈ। ਪਿਛਲੇ ਕੁਝ ਸਮੇਂ ਤੋਂ ਇਹ ਦੇਖਣ ਵਿੱਚ ਆ ਰਿਹਾ ਹੈ ਕਿ ਕੁਝ ਵਪਾਰਕ ਅਦਾਰੇ ਅਤੇ ਲੋਕ ਆਪਣੇ ਨਿੱਜੀ ਕੰਮਾਂ ਅਤੇ ਇਸ਼ਿਤਹਾਰਬਾਜ਼ੀ ਨੂੰ ਸੋਸ਼ਲ ਮੀਡੀਆ ਜਾਂ ਹੋਰ ਸਾਧਨਾਂ ਰਾਹੀਂ ਪ੍ਰਚਾਰਨ ਲਈ ਗੁਰਦੁਆਰਾ ਸਾਹਿਬ ਦੇ ਪਵਿੱਤਰ ਨਾਂ ਅਤੇ ਫੋਟੋਆਂ ਦੀ ਦੁਰਵਰਤੋਂ ਕਰ ਰਹੇ ਹਨ। ਜਿਸ ਨਾਲ ਸਿੱਖਾਂ ਦੇ ਭਾਵਨਾ ਅਤੇ ਮੰਨ ਨੂੰ ਠੇਸ ਪਹੁੰਚਣਾ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਪ੍ਰੈਸ ਨੋਟ ਰਾਹੀਂ ਉਹਨਾਂ ਸਮੂਹ ਅਦਾਇਆ ਲੋਕਾਂ ਨੂੰ ਸਖ਼ਤ ਹਦਾਇਤ ਕੀਤੀ ਜਾਂਦੀ ਹੈ, ਜੋ ਆਪਣੇ ਕਾਰੋਬਾਰ ਜਾਂ ਇਸ਼ਿਤਹਾਰਾਂ ਲਈ ਤਖ਼ਤ ਸਾਹਿਬ ਦੇ ਨਾਂ ਜਾਂ ਤਸਵੀਰਾਂ ਦਾ ਇਸਤੇਮਾਲ ਕਰ ਰਹੇ ਹਨ, ਉਹ ਇਸ ਨੂੰ ਤੁਰੰਤ ਬੰਦ ਕਰਨ ਅਤੇ ਹਟਾ ਦੇਣ। ਜੇਕਰ ਭਵਿੱਖ ਵਿੱਚ ਕੋਈ ਵੀ ਵਿਅਕਤੀ ਜਾਂ ਸੰਸਥਾ ਗੁਰਦੁਆਰਾ ਸਾਹਿਬ ਦੇ ਨਾਮ ਜਾਂ ਫੋਟੋ ਦੀ ਅਣਅਧਿਕਾਰਤ ਵਰਤੋਂ ਕਰਦਾ ਪਾਈ ਗਈ ਜਾਂ ਇਸ ਸਬੰਧੀ ਕੋਈ ਸ਼ਿਕਾਇਤ ਮਿਲੀ, ਤਾਂ ਪ੍ਰਬੰਧਕੀ ਬੋਰਡ ਵੱਲੋਂ ਉਹਨਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਦਮਦਮੀ ਟਕਸਾਲ ਵਿਖੇ ਸ਼ਹੀਦੀ ਜੋੜ ਮੇਲੇ ਸਬੰਧੀ ਸੂਬਾ ਪੱਧਰੀ ਵਿਸ਼ੇਸ਼ ਇਕੱਤਰਤਾ 20 ਮਈ ਨੂੰ

### ਸੰਤ ਗਿ. ਹਰਨਾਮ ਸਿੰਘ ਖਾਲਸਾ ਦੀ ਪ੍ਰਧਾਨਗੀ ’ਚ 1 ਤੋਂ 6 ਜੂਨ ਦੇ ਸ਼ਹੀਦੀ ਸਮਾਗਮਾਂ ਸਬੰਧੀ ਹੋਣਗੀਆਂ ਅਹਿਮ ਵਿਚਾਰਾਂ

ਚੌਕ ਮਹਿਤਾ, 17 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਦਮਦਮੀ ਟਕਸਾਲ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜੂਨ 1984 ਦੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਵਿਸ਼ਾਲ ਸ਼ਹੀਦੀ ਜੋੜ ਮੇਲਾ ਅੰਤਰਰਾਸ਼ਟਰੀ ਪੱਧਰ ’ਤੇ ਮਨਾਇਆ ਜਾ ਰਿਹਾ ਹੈ। ਹੈੱਡਕੁਆਰਟਰ ਗੁਰਦੁਆਰਾ ਗੁਰ ਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 1 ਤੋਂ 6 ਜੂਨ ਤੱਕ ਹੋ ਰਹੇ ਇਸ ਮਹਾਨ ਸ਼ਹੀਦੀ ਸਮਾਗਮ ਦੀਆਂ ਤਿਆਰੀਆਂ ਤੇ ਲੋੜੀਂਦੇ ਵੱਖ-ਵੱਖ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ 20 ਮਈ ਨੂੰ ਸਵੇਰੇ 11:30 ਹਾਲ ਵਿਖੇ ਇਕ ਵਿਸ਼ੇਸ਼ ਸੂਬਾ ਪੱਧਰੀ ਇਕੱਤਰਤਾ ਸੱਦੀ ਗਈ ਹੈ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਹੋਵੇਗੀ, ਜਿਸ ਵਿਚ ਵੱਖ-ਵੱਖ ਧਾਰਮਿਕ ਸੰਪਰਦਾਵਾਂ, ਪੰਥਕ ਜਥੇਬੰਦੀਆਂ, ਸੇਵਾ ਕਮੇਟੀਆਂ, ਟਕਸਾਲੀ ਵਿਦਿਆਰਥੀਆਂ, ਪ੍ਰਚਾਰਕਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਗਿਆ ਹੈ। ਇਹ ਸ਼ਹੀਦੀ ਸਮਾਗਮ 1 ਮਈ ਤੋਂ ਹੀ ਸ਼ੁਰੂ ਹੋ ਚੁੱਕੇ ਹਨ ਅਤੇ ਵੱਖ-ਵੱਖ ਨਗਰਾਂ ਵਿਚ ਸ਼ਬਦ ਕੀਰਤਨ ਤੇ ਕਥਾ ਦੇ ਪ੍ਰਵਾਹ ਨਿਰੰਤਰ ਚੱਲ ਰਹੇ ਹਨ। 1 ਜੂਨ ਤੋਂ ਦਮਦਮੀ ਟਕਸਾਲ ਮਹਿਤਾ ਵਿਖੇ ਸ਼ਹੀਦੀ ਹਫ਼ਤਾ ਆਰੰਭ ਹੋਵੇਗਾ, ਜਿਸ ਦੌਰਾਨ ਰੋਜ਼ਾਨਾ ਸ਼ਾਮ ਸਮਾਗਮ ਹੋਣਗੇ, ਉਪਰੰਤ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ 6 ਜੂਨ ਨੂੰ ਮੁੱਖ ਅਤੇ ਮਹਾਨ ਸ਼ਹੀਦੀ ਸਮਾਗਮ ਹੋਵੇਗਾ।



## ਡਾ. ਸੁਰੈਣ ਸਿੰਘ ਵਿਲਖੂ ਪੰਜਾਬੀ ਸਾਹਿਤ, ਗੁਰਮਤਿ ਅਧਿਐਨ ਅਤੇ ਗੁਰਬਾਣੀ ਖੋਜ ਦੇ ਖੇਤਰ ਵਿੱਚ ਇੱਕ ਪ੍ਰਸਿੱਧ ਨਾਮ ਮੰਨੇ ਜਾਂਦੇ ਹਨ



ਡਾ. ਸੁਰੈਣ ਸਿੰਘ ਵਿਲਖੂ ਪੰਜਾਬੀ ਸਾਹਿਤ, ਗੁਰਮਤਿ ਅਧਿਐਨ ਅਤੇ ਗੁਰਬਾਣੀ ਖੋਜ ਦੇ ਖੇਤਰ ਵਿੱਚ ਇੱਕ ਪ੍ਰਸਿੱਧ ਨਾਮ ਮੰਨੇ ਜਾਂਦੇ ਹਨ ।ਉਹ ਵਿਦਵਾਨ ਲੇਖਕ, ਅਧਿਆਪਕ ਅਤੇ ਕਾਲਜ ਪ੍ਰਸ਼ਾਸਕ ਵਜੋਂ ਜਾਣੇ ਜਾਂਦੇ ਸਨ। ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਧਾਰੀਵਾਲ ਪਿੰਡ ਡੱਡਵਾਂ ਖੇਤਰ ਨਾਲ ਸੰਬੰਧਿਤ ਨੇ ਉਹਨਾਂ ਵਰਗੇ ਸਾਹਿਤਕਾਰ ਰਾਹੀਂ ਵਿਸ਼ੇਸ਼ ਮਾਣ ਪ੍ਰਾਪਤ ਕੀਤਾ ।ਡਾ. ਵਿਲਖੂ ਦਾ ਜਨਮ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਡੱਡਵਾਂ ਵਿੱਚ ਇੱਕ ਸਧਾਰਣ ਅਤੇ ਸੱਭਿਆਚਾਰਕ ਪਰਿਵਾਰ ਵਿੱਚ ਹੋਇਆ ਮੰਨਿਆ ਜਾਂਦਾ ਹੈ। ਹਾਲਾਂਕਿ ਉਹਨਾਂ ਦੀ ਜਨਮ ਅਤੇ ਮੌਤ ਦੀ ਪੱਕੀ ਤਾਰੀਖ ਬਾਰੇ ਪ੍ਰਮਾਣਿਕ ਜਾਣਕਾਰੀ ਮੇਰੇ ਕੋਲ ਉਪਲਬਧ ਨਹੀਂ, ਪਰ ਉਹ 20ਵੀਂ ਸਦੀ ਦੇ ਉੱਤਰਾਰਧ ਵਿੱਚ ਪੰਜਾਬੀ ਅਕਾਦਮਿਕ ਅਤੇ ਸਾਹਿਤਕ ਖੇਤਰ ਵਿੱਚ ਸਰਗਰਮ ਰਹੇ ।ਬਚਪਨ ਤੋਂ ਹੀ ਉਹਨਾਂ ਨੂੰ ਪੰਜਾਬੀ ਭਾਸ਼ਾ, ਸਿੱਖ ਇਤਿਹਾਸ ਅਤੇ ਗੁਰਬਾਣੀ ਨਾਲ ਡੂੰਘੀ ਦਿਲਚਸਪੀ ਸੀ । ਪਿੰਡਾਂ ਵਾਲੇ ਪੰਜਾਬ ਦੇ ਧਾਰਮਿਕ ਅਤੇ ਲੋਕ-ਸੱਭਿਆਚਾਰਕ ਮਾਹੌਲ ਨੇ ਉਹਨਾਂ ਦੇ ਵਿਚਾਰਾਂ ਨੂੰ ਪ੍ਰਭਾਵਿਤ ਕੀਤਾ। ਉਹ ਪੜ੍ਹਨ-ਲਿਖਣ ਵਿੱਚ ਬਹੁਤ ਤੇਜ਼ ਸਨ ਅਤੇ ਵਿਦਿਆਰਥੀ ਜੀਵਨ ਦੌਰਾਨ ਹੀ ਸਾਹਿਤਕ ਚਰਚਾਵਾਂ ਵਿੱਚ ਭਾਗ ਲੈਣ ਲੱਗ ਪਏ ਸਨ। ਉਹਨਾਂ ਨੇ ਉੱਚ ਸਿੱਖਿਆ ਪੰਜਾਬੀ ਸਾਹਿਤ ਅਤੇ ਗੁਰਮਤਿ ਅਧਿਐਨ ਵਿੱਚ ਪ੍ਰਾਪਤ ਕੀਤੀ। ਅੱਗੇ ਚੱਲ ਕੇ ਉਹਨਾਂ ਨੇ ਡਾਕਟਰੇਟ ਦੀ ਡਿਗਰੀ ਹਾਸਲ ਕੀਤੀ ਅਤੇ ਗੁਰਬਾਣੀ, ਭਗਤ ਬਾਣੀ ਅਤੇ ਨਿਰਗੁਣ ਕਾਵਿ ਤੇ ਖੋਜਕਾਰੀ ਕੀਤੀ। ਉਹਨਾਂ ਦੀ ਵਿਦਵਤਾ ਦਾ ਖਾਸ ਕੇਂਦਰ ਸਿੱਖ ਦਰਸ਼ਨ, ਭਗਤੀ ਲਹਿਰ ਅਤੇ ਪੰਜਾਬੀ ਆਧਿਆਤਮਿਕ ਕਾਵਿ ਰਿਹਾ।

**ਅਕਾਦਮਿਕ ਜੀਵਨ ਅਤੇ ਪ੍ਰਿੰਸੀਪਲ ਵਜੋਂ ਸੇਵਾ**

ਡਾ. ਵਿਲਖੂ ਨੇ ਅਧਿਆਪਕ ਅਤੇ ਪ੍ਰੋਫੈਸਰ ਵਜੋਂ ਆਪਣਾ ਕਰੀਅਰ ਸ਼ੁਰੂ ਕੀਤਾ। ਉਹ ਬਾਅਦ ਵਿੱਚ ਮਾਤਾ ਗੁਜਰੀ ਕਾਲਜ ਦੇ ਪ੍ਰਿੰਸੀਪਲ ਰਹੇ। ਪ੍ਰਿੰਸੀਪਲ ਵਜੋਂ ਉਹ ਸਖ਼ਤ ਅਨੁਸ਼ਾਸਨ, ਉੱਚ ਅਕਾਦਮਿਕ ਮਿਆਰ ਅਤੇ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਚੇਤਨਾ ਪੈਦਾ ਕਰਨ ਲਈ ਜਾਣੇ ਜਾਂਦੇ ਸਨ। ਉਹ ਸਿਰਫ਼ ਪ੍ਰਸ਼ਾਸਕ ਨਹੀਂ ਸਗੋਂ ਇੱਕ ਪ੍ਰੇਰਕ ਅਧਿਆਪਕ ਵੀ ਸਨ। ਉਹ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਅਤੇ ਗੁਰਮਤਿ ਸਾਹਿਤ ਨਾਲ ਜੋੜਨ ਲਈ ਖ਼ਾਸ ਉਤਸ਼ਾਹਿਤ ਕਰਦੇ ਸਨ। ਸਾਹਿਤਕ ਯੋਗਦਾਨ ਡਾ. ਸੁਰੈਣ ਸਿੰਘ ਵਿਲਖੂ ਦੀਆਂ ਰਚਨਾਵਾਂ ਗੁਰਬਾਣੀ ਅਧਿਐਨ ਅਤੇ ਪੰਜਾਬੀ ਆਧਿਆਤਮਿਕ ਸਾਹਿਤ ਵਿੱਚ ਮਹੱਤਵਪੂਰਨ ਮੰਨੀਆਂ ਜਾਂਦੀਆਂ ਹਨ। ਉਹਨਾਂ ਦੀ ਸਭ ਤੋਂ ਮਸ਼ਹੂਰ ਕਿਤਾਬ:

**ਭਾਈ ਅੱਡਣ ਸ਼ਾਹ: ਜੀਵਨ ਤੇ ਰਚਨਾ**

ਇਹ ਕਿਤਾਬ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪਬਲੀਕੇਸ਼ਨ ਬਿਊਰੋ ਵੱਲੋਂ ਪੰਜਾਬੀ ਲੇਖਕ ਲੜੀ ਅਧੀਨ ਪ੍ਰਕਾਸ਼ਿਤ ਕੀਤੀ ਗਈ। ਇਸ ਰਚਨਾ ਵਿੱਚ ਉਹਨਾਂ ਨੇ ਭਾਈ ਅੱਡਣ ਸ਼ਾਹ ਦੀ ਜੀਵਨੀ, ਵਿਚਾਰਧਾਰਾ ਅਤੇ ਕਾਵਿ-ਯੋਗਦਾਨ ਦਾ ਵਿਸ਼ਲੇਸ਼ਣ ਕੀਤਾ।

ਉਹਨਾਂ ਨੇ ਇਹਨਾਂ ਵਿਸ਼ਿਆਂ ਤੇ ਵੀ ਡੂੰਘਾ ਕੰਮ ਕੀਤਾ:

ਗੁਰੂ ਅਮਰਦਾਸ ਜੀ ਦੀ ਬਾਣੀ
ਭਗਤ ਨਾਮਦੇਵ ਜੀ ਦੀ ਬਾਣੀ
ਨਿਰਗੁਣ ਭਗਤੀ ਕਾਵਿ
ਗੁਰਮਤਿ ਕਾਵਿ
ਗੁਰਬਾਣੀ ਮਿਥ ਅਧਿਐਨ

**ਪੰਜਾਬੀ ਭਗਤੀ ਸਾਹਿਤ ਦੀ ਵਿਚਾਰਧਾਰਾ**

ਉਹਨਾਂ ਦੀ ਲਿਖਤ ਦੀ ਖਾਸੀਅਤ ਇਹ ਸੀ ਕਿ ਉਹ ਗੰਭੀਰ ਵਿਸ਼ਿਆਂ ਨੂੰ ਵੀ ਸਧਾਰਣ ਅਤੇ ਸਪਸ਼ਟ ਪੰਜਾਬੀ ਵਿੱਚ ਪੇਸ਼ ਕਰਦੇ ਸਨ। ਵਿਚਾਰਧਾਰਾ ਅਤੇ ਖੋਜਕਾਰੀ ਮਹੱਤਤਾ ਡਾ. ਵਿਲਖੂ ਦੀਆਂ ਰਚਨਾਵਾਂ ਤੇ ਹੋਰ ਵਿਦਵਾਨਾਂ ਨੇ ਵੀ ਅਧਿਐਨ ਕੀਤਾ। ਉਹਨਾਂ ਦੀ ਵਿਚਾਰਧਾਰਾ ਨੂੰ ਗੁਰਮਤਿ ਦਰਸ਼ਨ ਅਤੇ ਲੋਕਧਾਰਾ ਦੇ ਮਿਲਾਪ ਵਜੋਂ ਵੇਖਿਆ ਜਾਂਦਾ ਹੈ। ਉਹ ਮੰਨਦੇ ਸਨ ਕਿ ਪੰਜਾਬੀ ਸਾਹਿਤ ਦਾ ਮੂਲ ਮਨੁੱਖਤਾ, ਸਮਾਨਤਾ ਅਤੇ ਆਤਮਿਕ ਚੇਤਨਾ ਵਿੱਚ ਹੈ। ਉਹਨਾਂ ਦੇ ਅਧਿਐਨ ਅੱਜ ਵੀ ਖੋਜ ਵਿਦਿਆਰਥੀਆਂ ਅਤੇ ਪੰਜਾਬੀ ਸਾਹਿਤ ਦੇ ਵਿਦਵਾਨਾਂ ਲਈ ਮਹੱਤਵਪੂਰਨ ਸਰੋਤ ਮੰਨੇ ਜਾਂਦੇ ਹਨ। ਉਹ ਸਾਦਗੀਪਸੰਦ, ਅਧਿਐਨਸ਼ੀਲ ਅਤੇ ਸੰਤੁਲਿਤ ਵਿਚਾਰਾਂ ਵਾਲੇ ਵਿਅਕਤੀ ਮੰਨੇ ਜਾਂਦੇ ਸਨ। ਉਹਨਾਂ ਨੂੰ ਕਿਤਾਬਾਂ ਨਾਲ ਡੂੰਘਾ ਪਿਆਰ ਸੀ ਅਤੇ ਉਹ ਆਪਣੀ ਵਿਦਵਤਾ ਦੇ ਬਾਵਜੂਦ ਬਹੁਤ ਨਿਮਰ ਸੁਭਾਵ ਦੇ ਸਨ। ਉਹਨਾਂ ਦੀ ਮੌਤ ਦੀ ਪੱਕੀ ਤਾਰੀਖ ਸਰਵਜਨਕ ਤੌਰ ਤੇ ਉਪਲਬਧ ਨਹੀਂ ਹੈ। ਪਰ ਪੰਜਾਬੀ ਸਾਹਿਤਕ ਅਤੇ ਅਕਾਦਮਿਕ ਵਰਗਾਂ ਵਿੱਚ ਉਹਨਾਂ ਨੂੰ ਅੱਜ ਵੀ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਡਾ. ਸੁਰੈਣ ਸਿੰਘ ਵਿਲਖੂ ਨੇ ਪੰਜਾਬੀ ਸਾਹਿਤ ਅਤੇ ਗੁਰਮਤਿ ਅਧਿਐਨ ਨੂੰ ਜੋ ਯੋਗਦਾਨ ਦਿੱਤਾ, ਉਹ ਪੰਜਾਬੀ ਅਕਾਦਮਿਕ ਸੰਸਾਰ ਲਈ ਕੀਮਤੀ ਧਰੋਹਰ ਹੈ। ਧਾਰੀਵਾਲ ਅਤੇ ਡੱਡਵਾਂ ਖੇਤਰ ਦੇ ਲੋਕ ਉਹਨਾਂ ਨੂੰ ਆਪਣੇ ਇਲਾਕੇ ਦੀ ਬੌਧਿਕ ਪਹਿਚਾਣ ਵਜੋਂ ਮਾਣ ਨਾਲ ਯਾਦ ਕਰਦੇ ਹਨ।

**ਹਰਬੰਸ ਸਿੰਘ, ਸਲਾਹਕਾਰ, ਸਹੀਦ ਭਗਤ ਸਿੰਘ ਐਸੋਸੀਏਸ਼ਨ ਪੰਜਾਬ**
**ਮਬਾਇਲ** +91-80544-00953

## ਨਗਰ ਕੌਂਸਲ ਦੇ ਸਵ: ਸਾਬਕਾ ਪ੍ਰਧਾਨ ਦੇ ਭਰਾਤਾ ਸ੍ਰ ਮਹਿੰਦਰ ਸਿੰਘ ਭਾਪਾ ਜੀ ਦੀ ਵਿਛੜੀ ਰੂਹ ਦੇ ਪ੍ਰਥਾਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ



ਜੰਡਿਆਲਾ ਗੁਰੂ 17 ਮਈ ( ਕੁਲਵੰਤ ਸਿੰਘ ਵਿਰਦੀ ) ਅੱਜ ਸਾਬਕਾ ਪ੍ਰਧਾਨ ਨਗਰ ਕੌਂਸਲ ਸਵ: ਸ੍ਰ ਅਜੀਤ ਸਿੰਘ ਮਲਹੋਤਰਾ ਦੇ ਵੱਡੇ ਭਰਾਤਾ ਸਵ ਭਾਪਾ ਮਹਿੰਦਰ ਸਿੰਘ ਮਲਹੋਤਰਾ ਜੀ ਵਾਸੀ ਜੰਡਿਆਲਾ ਗੁਰੂ ਜੀ ਦੀ ਆਤਮਿਕ ਸਾਂਤੀ ਲਈ ਉਨਾਂ ਦੇ ਗ੍ਰਹਿ ਵਿਖੇ ਤਿੰਨ ਰੋਜ ਤੋਂ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਭੋਗ ਤੋਂ ਉਪਰੰਤ ਗੁਰਦੁਆਰਾ ਤਪ ਅਸਥਾਨ ਬਾਬਾ ਹੁੰਦਾਲ ਜੀ ਵਿਖੇ ਦੀਵਾਨ ਹਾਲ ਵਿਖੇ ਗੁਰੂ ਘਰ ਦੇ ਕੀਰਤਨੀ ਜਥੇ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਹਰਜੱਸ ਕੀਰਤਨ ਸਰਵਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾ ਕੀਤਾ ਅਤੇ ਗੁਰੂ ਸਾਹਿਬ ਜੀ ਦੇ ਭਾਣੇ ਚ ਰਹਿ ਕਿ ਜੀਵਨ ਨੂੰ ਸਫਲ ਕਰਨ ਲਈ ਬਾਣੀ ਨਾਲ ਜੁੜਨ ਲਈ ਬੇਨਤੀ ਕੀਤੀ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਗੁਰਦੁਆਰਾ ਸਿੰਘ ਸਭਾ ਦੇ ਹੈਡ ਗ੍ਰੰਥੀ ਗਿਆਨੀ ਹਰੀ ਸਿੰਘ ਖਾਲਸਾ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਵਿਛੜੀ ਰੂਹ ਦੇ ਪ੍ਰਥਾਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਅਤੇ ਹੁਕਮਨਾਮੇ ਤੋਂ ਉਪਰੰਤ ਐੱਸ ਜੀ ਐਲ ਗੜਾ ਜਲੰਧਰ ਤੋਂ ਬਾਬਾ ਕਸ਼ਮੀਰਾ ਸਿੰਘ ਜੀ ਦੇ ਸਪੁੱਤਰ ਮਨਿੰਦਰ ਸਿੰਘ ਰਿਆੜ ਆਦਿ ਨੇ ਸ਼ਰਧਾਂਜਲੀ ਦਿੱਤੀ । ਇਸ ਮੌਕੇ ਸਰਤਾਜ ਸਿੰਘ ਰਿਆੜ, ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, ਸੁਖਵਿੰਦਰ ਸਿੰਘ ਡੈਨੀ ਬੰਡਾਲਾ ਸਾਬਕਾ ਵਿਧਾਇਕ ਪ੍ਰਧਾਨ ਜਿਲ੍ਹਾ ਅੰਮ੍ਰਿਤਸਰ ਦਿਹਾਤੀ, ਰਵਿੰਦਰਪਾਲ ਕੁੱਕੂ ਸਾਬਕਾ ਪ੍ਰਧਾਨ ਨਗਰ ਕੌਂਸਲ, ਰਣਧੀਰ ਸਿੰਘ ਮਲਹੋਤਰਾ ਸਾਬਕਾ ਮੀਤ ਪ੍ਰਧਾਨ, ਰਵਿੰਦਰ ਸਿੰਘ ਜਵਾਈ ਯੂ ਕੇ, ਜਤਿੰਦਰ ਸਿੰਘ ਨਾਟੀ ਪ੍ਰਧਾਨ ਕਾਂਗਰਸ ਸ਼ਹਿਰੀ, ਐਡਵੋਕੇਟ ਅਮਰੀਕ ਸਿੰਘ ਮਲਹੋਤਰਾ, ਕੁਲਵੰਤ ਸਿੰਘ ਮਲਹੋਤਰਾ ਸਾਬਕਾ ਕੌਂਸਲਰ, ਦਾਨਿਸ਼ ਧਾਮੀ, ਹਰਦੇਵ ਸਿੰਘ ਰਿੰਕੂ, ਗੋਲਡੀ, ਸੁਰਿੰਦਰ ਸੇਠ, ਨਰੇਸ਼ ਪਾਠਕ, ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ, ਐਡਵੋਕੇਟ ਅਮਿਤ ਅਰੋੜਾ , ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ, ਲਖਵਿੰਦਰ ਸਿੰਘ, ਅਵਤਾਰ ਸਿੰਘ ਟੱਕਰ ਜਾਣੀਆਂ ਮੁੱਖ ਬੁਲਾਰਾ ਕਾਂਗਰਸ, ਐਡਵੋਕੇਟ ਬਿਕਰਮ ਸਿੰਘ ਮਲਹੋਤਰਾ, ਹਰਦੇਵ ਸਿੰਘ ਮਲਹੋਤਰਾ, ਗੁਰਬਚਨ ਸਿੰਘ, ਜੋਗਿੰਦਰ ਸਿੰਘ, ਪਰਤਾਪ ਸਿੰਘ, ਜਰਨੈਲ. ਸਿੰਘ, ਗੁਨੀਤ ਸਿੰਘ ,ਗੁਰਮੀਤ ਸਿੰਘ, ਇੰਦਰ ਸਿੰਘ, ਹਰਭਜਨ ਸਿੰਘ, ਅਰਨਿੰਦਰ ਸਿੰਘ, ਪਰਮਜੀਤ ਸਿੰਘ, ਨਿਰਮਲ ਸਿੰਘ ਨਿੰਮਾ, ਪੱਤਰਕਾਰ ਗੁਰਦੇਵ ਸਿੰਘ ਮੱਲ੍ਹੀ, ਪੱਤਰਕਾਰ ਕੁਲਵੰਤ ਸਿੰਘ ਵਿਰਦੀ ,ਚਰਨਜੀਤ ਸਿੰਘ ਟੀਟੋ, ਦੀਪ ਸਿੰਘ ਮਲਹੋਤਰਾ ਮੁੱਖ ਸੇਵਾਦਾਰ ਗੁਰਦੁਆਰਾ ਸਿੰਘ ਸਭਾ,ਆਦਿ ਵੱਖ-ਵੱਖ ਰਾਜਨੀਤਿਕ ਧਾਰਮਿਕ ਸਖਸੀਅਤਾ ,ਪੱਤਰਕਾਰ ਭਾਈਚਾਰਾ ਅਤੇ ਰਿਸਤੇਦਾਰ ਸਾਕ ਸਬੰਧੀਆਂ ਨੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ !



## ✶ ਪ੍ਰਣਾਮ ਸ਼ਹੀਦਾਂ ਨੂੰ ✶

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਬਾਬਾ ਥਾਰਾ ਸਿੰਘ, ਸ਼ਹੀਦ ਜਨਰਲ ਸ਼ਬੇਗ ਸਿੰਘ ਅਤੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ ਜਿਨ੍ਹਾਂ ਨੇ ਜੂਨ 1984 ਵਿੱਚ 'ਧਰਮ ਹੇਤ ਸੀਸ ਵਾਰ' ਕੇ ਪੰਜਵੇਂ ਨਾਨਕ ਗੁਰੂ ਅਰਜਨ ਪਾਤਸ਼ਾਹ ਜੀ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।



**ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਗੁਰਦੁਵਾਰਾ ਸਾਹਿਬ Hesperia 1.30 pm ਕੱਲ ਐਤਵਾਰ ਆਰੰਭ SRI SEHEJ PATH JI In Memory of All Saheed who laid their lives for protection of SRI DARBARAND SRI AKAL TAKHATSAHIB of 6th. June AIHD ( ਤੀਸਰਾ ਘੱਲੂਘਾਰਾ) ਸ੍ਰੀ ਸਹਿਜ ਪਾਠ ਦੇ ਭੋਗ 7th. ਜੂਨ 2026 ਨੂੰ 10 ਵਜੇ ਪੈਣਗੇ ਉਪਰੰਤ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਾਏ ਜਾਣਗੇ**

--✶ ਜਾਰੀ ਕਰਤਾ ✶--

# ਸਮੂਹ ਪ੍ਰਬੰਧਕ ਕਮੇਟੀ

## ਗੁਰਦੁਵਾਰਾ ਸਾਹਿਬ Hesperia U. S.A.

# ਨਾਨਕਸਰ ਗੁਰਦੁਆਰਾ ਪਲੈੱਕ ਵਾਲਸਾਲ ਵਿਖੇ ਕੀਰਤਨੀ ਸਿੰਘ ਦੀ ਲੋੜ ਹੈ

ਨਾਨਕਸਰ ਗੁਰਦੁਆਰਾ ਪਲੈੱਕ ਵਾਲਸਾਲ ਵਿਖੇ ਕੀਰਤਨੀ ਸਿੰਘ ਦੀ ਲੋੜ ਹੈ ਜੋ ਕਿ ਤਬਲੇ ਦੇ ਨਾਲ-ਨਾਲ ਗੁਰਬਾਣੀ ਦਾ ਸੁੱਧ ਪਾਠ ਕਰਨ ਜਾਣਦਾ ਹੋਵੇ। ਉਹ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼, ਨਿਤਨੇਮ, ਰਹਿਰਾਸ ਸਾਹਿਬ, ਸੁਖਮਨੀ ਸਾਹਿਬ, ਅਰਦਾਸ ਅਤੇ ਸੰਗਤ ਵਿੱਚ ਕੀਰਤਨ ਕਰਨ ਦੇ ਨਾਲ-ਨਾਲ ਗੁਰਦੁਆਰਾ ਸਾਹਿਬ ਦੀਆਂ ਹੋਰ ਸੇਵਾਵਾਂ ਵੀ ਨਿਭਾਅ ਸਕਣ ਦੇ ਯੋਗ ਹੋਵੇ। ਸਿੱਖ ਸਿਧਾਂਤਾਂ ਅਨੁਸਾਰ ਜੀਵਨ ਹੋਵੇ ਅਤੇ ਗੁਰਮਤਿ ਦਾ ਧਾਰਨੀ ਹੋਵੇ। ਗੁਰਬਾਣੀ ਅਤੇ ਗੁਰ ਇਤਿਹਾਸ ਦੀ ਜਾਣਕਾਰੀ ਹੋਣੀ ਲਾਜ਼ਮੀ ਹੈ। ਧਾਰਮਿਕ ਸੇਵਾਦਾਰ ਦੀ ਡਿਊਟੀ ਸਭ ਧਾਰਮਿਕ ਸੇਵਾਵਾਂ ਨਿਭਾਉਣ ਅਤੇ ਮੁੱਖ ਗ੍ਰੰਥੀ ਦੀਆਂ ਸੇਵਾਵਾਂ ਵਿੱਚ ਸਹਿਯੋਗ ਦੇਣ ਦੀ ਹੋਵੇਗੀ। ਯੂ ਕੇ ਦੇ ਇੰਪਲਾਇਮੈਂਟ ਕਨੂੰਨ ਅਤੇ ਕੰਮ ਮੁਤਾਬਕ ਵਧੀਆ ਤਨਖਾਹ ਅਤੇ ਮੁਫ਼ਤ ਰਿਹਾਇਸ਼ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

**ਆਪਣੀ ਅਰਜ਼ੀ ਪੂਰੇ ਵੇਰਵੇ ਸਮੇਤ ਹੇਠਾਂ ਦਿੱਤੇ ਪਤੇ ਤੇ ਡਾਕ ਰਾਹੀਂ ਜਾਂ ਈਮੇਲ ਰਾਹੀਂ 31 ਮਈ, 2026 ( ਐਤਵਾਰ) ਤੱਕ ਭੇਜੋ ਅਤੇ ਹੋਰ ਵਧੇਰੇ ਜਾਣਕਾਰੀ ਲਈ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨਾਲ ਹੇਠਾਂ ਦਿੱਤੇ ਸੰਪਰਕ ਨੰਬਰ ਤੇ ਗੱਲ ਕਰ ਸਕਦੇ ਹੋ।**

## 1 VACANCY for Temporary Religious Worker (Tier 5)

THE DUTIES OF THE RELIGIOUS WORKER SHALL CONSIST OF THOSE NON PASTORAL RELIGIOUS AND OTHER DUTIES CUSTOMARILY PERFORMED BY A RELIGIOUS WORKER OF THE SIKH RELIGION. RECITAL OF GURU GRANTH SAHIB DURING AKHAND PATHS AND SAHIJ PATHS. PERFORM KIRTAN AFTER EACH RECITAL AS AND WHEN REQUIRED. PERFORM AT SIKH WEDDINGS, BLESSINGS AND FUNERAL SERVICES. PREPARE PRASHAD (BLESSED FOOD) AND SERVE TO THE CONGREGATION. ENSURE GURDWARA REMAINS CLEAN AND TIDY WITH SPECIAL ATTENTION TO THE MAIN PRAYER HALL. TO OPEN THE GURDWARA PREMISES IN THE MORNING AND LOCK UP AT NIGHT. FROM TIME TO TIME TO UNDERTAKE OTHER DUTIES TO MEET THE NEEDS OF THE CHARITY. THE TEMPORARY RELIGIOUS WORKER WILL UNDERTAKE NON-PASTORAL WORK AND SUPPORT THE RELIGIOUS ACTIVITIES OF THE GURDWARA, TO ASSIST THE HEAD GRANTHI (MINISTER OF RELIGION) AS AND WHEN REQUIRED. THIS IS NOT A PASTORAL ROLE AND DUTIES WILL NOT INCLUDE LEADING A CONGREGATION.

**Closing date for Applications : 31st May 2026**

Please send your application to the president or vice president by post or via email

**gurdwara.pleck@gmail.com**

## NANAKSAR GURDWARA PLECK

**4 Wellington Street, Pleck, Walsall WS2 9QR**

**President: Karamjeet Singh Dhillon - 01922 641040**
**Vice President: Jurloden Singh - 01922 641040**

# ਇੱਕ ਨਜ਼ਰ...




## ਐਵਨਲੀ ਯੂਨੀਵਰਸਿਟੀ ਦਾ ਸ਼ਾਨਦਾਰ ਦੀਖਿਆਂਤ ਸਮਾਰੋਹ ਸੰਪੰਨ

## ਵਿਦਿਆਰਥੀਆਂ ਨੂੰ ਡਿਗਰੀਆਂ ਅਤੇ ਉਤਕ੍ਰਿਸ਼ਟਤਾ ਸਨਮਾਨ ਨਾਲ ਕੀਤਾ ਗਿਆ ਸਨਮਾਨਿਤ

ਨਵੀਂ ਦਿੱਲੀ 17 ਮਈ (ਮਨਪ੍ਰੀਤ ਸਿੰਘ ਖਾਲਸਾ):- ਐਵਨਲੀ ਯੂਨੀਵਰਸਿਟੀ ਵੱਲੋਂ ਸਾਲ 2026 ਦਾ ਦੀਖਿਆਂਤ ਸਮਾਰੋਹ ਭਾਰਤੀ ਵਿਦਿਆਪੀਠ ਐਜੂਕੇਸ਼ਨਲ ਕੰਪਲੈਕਸ, ਪੱਛਮੀ ਵਿਹਾਰ, ਦਿੱਲੀ ਵਿੱਚ ਵਾਈਸ ਚਾਂਸਲਰ ਡਾ. ਰਾਜੇਸ਼ ਚੌਹਾਨ ਦੀ ਅਗਵਾਈ ਹੇਠ ਬੜੇ ਉਤਸ਼ਾਹ ਅਤੇ ਸ਼ਾਨ ਨਾਲ ਆਯੋਜਿਤ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਰਵਾਇਤੀ ਦੀਪ ਪ੍ਰਜਵਲਨ ਨਾਲ ਹੋਈ। ਇਸ ਮੌਕੇ ਕਈ ਮਾਣਯੋਗ ਹਸਤੀਆਂ ਨੇ ਮੁੱਖ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਨ੍ਹਾਂ ਵਿੱਚ ਡਾ. ਸੁਮਿਤ ਸੁਸੀਲਨ (ਮੈਂਬਰ, ਏਏਸੀ, ਨਾਗਰਿਕ ਹਵਾਈ ਉਡਾਣ ਮੰਤਰਾਲਾ), ਡਾ. ਐਮ. ਐਨ. ਹੋਡਾ (ਡਾਇਰੈਕਟਰ, ਬੀਵੀਆਈਸੀਏਐਮ), ਪਰਮਜੀਤ ਸਿੰਘ ਪੰਮਾ (ਪ੍ਰਧਾਨ, ਕ੍ਰਿਸ਼ਨਾ ਸੋਸ਼ਲ ਵੈਲਫੇਅਰ ਟਰਸਟ ਅਤੇ ਨੈਸ਼ਨਲ ਅਕਾਲੀ ਦਲ), ਡਾ. ਐਸ. ਕੇ. ਵਰਮਾ (ਰਜਿਸਟਰਾਰ, ਐਵਨਲੀ ਯੂਨੀਵਰਸਿਟੀ) ਅਤੇ ਡਾ. ਯਸ਼ ਮੱਕੜ (ਉਪ ਸਕੱਤਰ, ਸੀਬੀਐਸਈ ਦਿੱਲੀ) ਪ੍ਰਮੁੱਖ ਰਹੇ ਸਮਾਰੋਹ ਦੌਰਾਨ ਮਹੇਸ਼ ਚੰਦਰ, ਸੰਤ ਸਿੰਘ, ਮੁਹੰਮਦ ਇਮਤਿਆਜ਼ ਅਤੇ ਮੁਹੰਮਦ ਅਲੀਮੁੱਦੀਨ ਨੂੰ ਉਨ੍ਹਾਂ ਦੇ ਖੇਤਰਾਂ ਵਿੱਚ ਵਿਸ਼ੇਸ਼ ਯੋਗਦਾਨ ਲਈ ਮਾਨਦ ਡਾਕਟਰੇਟ ਦੀ ਉਪਾਧੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਵੱਖ-ਵੱਖ ਕੋਰਸਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਉਤਕ੍ਰਿਸ਼ਟਤਾ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਗਏ। ਬਾਲੀਵੁੱਡ ਗਾਇਕ ਆਸ਼ੂ ਪੰਜਾਬੀ ਨੇ ਆਪਣੀ ਰੰਗਾਰੰਗ ਸੰਗੀਤਮਈ ਪੇਸ਼ਕਾਰੀ ਨਾਲ ਸਮਾਗਮ ਵਿੱਚ ਰੌਣਕ ਲਾ ਦਿੱਤੀ, ਜਿਸ ਦਾ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ। ਇਸ ਮੌਕੇ ਅਮਨ ਬੰਸਲ ਨੂੰ ਯੂਨੀਵਰਸਿਟੀ ਦਾ ਮਾਰਕੀਟਿੰਗ ਡਾਇਰੈਕਟਰ ਅਤੇ ਰਾਜੇਸ਼ ਕੁਮਾਰ ਨੂੰ ਐਡਮਿਨਿਸਟ੍ਰੇਸ਼ਨ ਡਾਇਰੈਕਟਰ ਨਿਯੁਕਤ ਕਰਨ ਦਾ ਐਲਾਨ ਵੀ ਕੀਤਾ ਗਿਆ। ਅੰਤ ਵਿੱਚ ਧੰਨਵਾਦੀ ਭਾਸ਼ਣ ਅਤੇ ਖੁਸ਼ੀ ਭਰੇ ਮਾਹੌਲ ਨਾਲ ਸਮਾਰੋਹ ਦਾ ਸਮਾਪਨ ਹੋਇਆ। ਵਿਦਿਆਰਥੀਆਂ, ਅਧਿਆਪਕਾਂ ਅਤੇ ਮਹਿਮਾਨਾਂ ਦੇ ਉਤਸ਼ਾਹ ਨੇ ਇਸ ਸਮਾਗਮ ਨੂੰ ਐਵਨਲੀ ਯੂਨੀਵਰਸਿਟੀ ਲਈ ਯਾਦਗਾਰ ਅਤੇ ਇਤਿਹਾਸਕ ਬਣਾਇਆ।

## ਮਨਪ੍ਰੀਤ ਕੌਰ ਨੇ ਵਾਰਡ ਨੰਬਰ 19 ਤੋਂ ਕਾਗਜ਼ ਦਾਖਲ ਕੀਤੇ



ਧੂਰੀ, 17 ਮਈ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਚੋਣ ਕਮਿਸ਼ਨਰ ਪੰਜਾਬ ਵਿੱਚ 26 ਮਈ ਨੂੰ ਨਗਰ ਕੌਂਸਲ ਚੋਣਾਂ ਦਾ ਐਲਾਨ ਕੀਤਾ ਗਿਆ ਹੈ ਇਸ ਲਈ ਪੂਰੇ ਪੰਜਾਬ ਵਿੱਚ ਨਗਰ ਕੌਂਸਲ ਦੀ ਚੋਣ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਪ੍ਰਕਿਰਿਆ ਆਰੰਭ ਹੋ ਚੁੱਕੀ ਹੈ ਅੱਜ ਨਾਮਜ਼ਦਗੀਆਂ ਪੱਤਰ ਦਾਖਲ ਕਰਨ ਦਾ ਤੀਸਰਾ ਦਿਨ ਹੈ ਅੱਜ ਵਿਧਾਨ ਸਭਾ ਹਲਕਾ ਧੂਰੀ ਤੋਂ ਨਗਰ ਕੌਂਸਲ ਧੂਰੀ ਦੀਆਂ ਚੋਣਾਂ ਲੜਨ ਲਈ ਵਾਰਡ ਨੰਬਰ 19 ਤੋਂ ਮਨਪ੍ਰੀਤ ਕੌਰ ਰਟੌਲ ਧਰਮ ਪਤਨੀ ਮਨਪ੍ਰੀਤ ਸਿੰਘ ਬਾਲੀ ਰਟੌਲ (ਖੂਹ ਵਾਲੇ) ਵੱਲੋਂ ਅਜ਼ਾਦ ਉਮੀਦਵਾਰ ਵੱਜੋਂ ਚੋਣ ਲੜਨ ਲਈ ਆਪਣੇ ਨਾਮਜ਼ਦਗੀ ਕਾਗਜ਼ ਆਪਣੇ ਸਮੱਰਥਕਾਂ ਸਮੇਤ ਮਾਰਕੀਟ ਕਮੇਟੀ ਧੂਰੀ ਵਿਖੇ ਬੀ ਡੀ ਪੀ ਓ ਧੂਰੀ ਕੋਲ ਦਾਖਲ ਕੀਤੇ ਮਨਪ੍ਰੀਤ ਕੌਰ ਰਟੌਲ ਨੇ ਦਾਅਵਾ ਕੀਤਾ ਹੈ ਵਾਰਡ ਨੰਬਰ 19 ਤੋਂ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਕੇ ਆਪਣੇ ਵਾਰਡ ਨੰਬਰ 19 ਦਾ ਸਰਬਪੱਖੀ ਵਿਕਾਸ ਕਾਰਜ ਕਰਾਂਗੇ ਇਸ ਮੌਕੇ ਤੇ ਮਨਪ੍ਰੀਤ ਸਿੰਘ ਬਾਲੀ ਰਟੌਲ, ਸਰਬਜੀਤ ਸਿੰਘ ਰਟੌਲ, ਉੱਘੇ ਸਮਾਜ ਸੇਵਕ ਰਿੰਕੂ ਬਾਂਸਲ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।

## ਅਕਾਲੀ ਦਲ ਦੇ ਵਾਰਡ ਨੰਬਰ 15 ਤੋਂ ਉਮੀਦਵਾਰ ਜਗਦੀਪ ਕੌਰ ਵੱਲੋਂ ਸਰਗਰਮੀਆਂ ਤੇਜ਼



ਧੂਰੀ, 17 ਮਈ ( ਰਣਜੀਤ ਸਿੰਘ ਪੇਧਨੀ )-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਧੂਰੀ ਦੀਆਂ 21 ਵਾਰਡਾਂ ਵਿੱਚ ਮਿਊਸੀਪਲ ਕਮੇਟੀ ਦੀਆਂ ਚੋਣਾਂ ਲੜੀਆਂ ਜਾ ਰਹੀਆਂ ਹਨ। ਇਸੇ ਹੀ ਤਹਿਤ ਵਾਰਡ ਨੰਬਰ 15 ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਜਗਦੀਪ ਕੌਰ ਪਤਨੀ ਅਮਰਿੰਦਰ ਸਿੰਘ ਵੱਲੋਂ ਆਪਣੀਆਂ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ। ਉਹਨਾਂ ਵੱਲੋਂ ਸਵੇਰੇ ਸ਼ਾਮ ਇਕੱਲੇ ਜਾ ਕੇ ਵਾਰਡ ਵਿੱਚ ਰਾਊਂਡ ਲਾਇਆ ਜਾ ਰਿਹਾ ਹੈ, ਲੋਕਾਂ ਵੱਲੋਂ ਉਹਨਾਂ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਵਾਰਡ ਵਿੱਚ ਪਾਣੀ, ਸਿਹਤ ਅਤੇ ਸਿੱਖਿਆ ਸਹੂਲਤਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਵਾਉਣ ਦੇ ਲਈ ਆਉਣ ਵਾਲੀ 26 ਮਈ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਤੱਕੜੀ ਨਿਸ਼ਾਨ ਤੇ ਮੋਹਰਾ ਲਾ ਕੇ ਸਾਨੂੰ ਕਾਮਯਾਬ ਬਣਾਓ ।

# ਇਸ ਵਾਰ ਨਗਰ ਕੌਂਸਲ ਵਿੱਚ ਨਵੇਂ ਚਿਹਰੇ, ਨਵੀਂ ਸੋਚ, ਅਤੇ ਨਵੀਂ ਉਮੀਦ: ਕਲੇਰ, ਗਰੇਵਾਲ, ਮੱਲ੍ਹਾ

## ਐੱਸ.ਆਰ.ਕਲੇਰ ਨੇ ਸਾਰੇ ਉਮੀਦਵਾਰਾਂ ਵਿੱਚ ਭਰਿਆ ਜੋਸ਼ ਅਤੇ ਉਤਸ਼ਾਹ



ਜਗਰਾਉਂ, 17 ਮਈ (ਵਰਿਆਮ ਹਠੂਰ) ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਚੋਣ ਸਰਗਰਮੀਆਂ ਵਿੱਚ ਤੇਜ਼ੀ ਲਿਆਂਦੀ ਜਾ ਰਹੀ ਹੈ। ਅੱਜ ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਜਗਰਾਉਂ ਵਿਖੇ ਹਲਕਾ ਇੰਚਾਰਜ ਐੱਸ.ਆਰ.ਕਲੇਰ ਦੀ ਅਗਵਾਈ ਹੇਠ 23 ਵਾਰਡਾਂ ਤੋਂ ਨਗਰ ਕੌਂਸਲ ਜਗਰਾਉਂ ਦੀ ਚੋਣ ਲੜ ਰਹੇ ਸਾਰੇ ਉਮੀਦਵਾਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਆਉਣ ਵਾਲੀਆਂ ਚੋਣਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਅਗਲੀ ਚੋਣ ਰਣਨੀਤੀ ਤਿਆਰ ਕੀਤੀ ਗਈ। ਇਸ ਮੌਕੇ ਸਾਰੇ ਉਮੀਦਵਾਰਾਂ ਅਤੇ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਭਰਦੇ ਹੋਏ ਇਕਜੁੱਟ ਹੋ ਕੇ ਚੋਣ ਮੈਦਾਨ ਵਿੱਚ ਉਤਰਣ ਦਾ ਉੱਤਰਨ ਲਈ ਪ੍ਰੇਰਿਆ ਐੱਸ. ਆਰ. ਕਲੇਰ ਨੇ ਕਿਹਾ ਕਿ ਲੋਕਾਂ ਦਾ ਪਿਆਰ, ਵਰਕਰਾਂ ਦੀ ਮਿਹਨਤ ਅਤੇ ਪਾਰਟੀ ਦੀ ਮਜ਼ਬੂਤੀ ਨਾਲ ਜਿੱਤ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੀਆਂ ਉਮੀਦਾਂ 'ਤੇ ਖਰ੍ਹਾ ਉਤਰੇਗਾ ਅਤੇ ਵਿਕਾਸ ਦੇ ਨਵੇਂ ਅਧਿਆਇ ਲਿਖੇ ਜਾਣਗੇ। ਵਾਰਡ ਨੰ 1 ਤੋਂ- ਬੀਬੀ ਗੁਰਦੀਪ ਕੌਰ ਪਤਨੀ ਸ.ਜਸਵੀਰ ਸਿੰਘ, 2. ਸ.ਤਜਿੰਦਰ ਸਿੰਘ ਜੱਸਲ, 3.ਬੀਬੀ ਗੁਰਪ੍ਰੀਤ ਕੌਰ ਪਤਨੀ ਸ. ਚਰਨਜੀਤ ਸਿੰਘ ਚੀਨੂ, 4.ਸ.ਦਵਿੰਦਰਜੀਤ ਸਿੰਘ ਸਿੱਧੂ ,5.ਬੀਬੀ ਛਿੰਦਰਪਾਲ ਕੌਰ ਸਰਾਂ, 6. ਡਾ.ਸ.ਅਮਰਜੀਤ ਸਿੰਘ ,7.ਬੀਬੀ ਹਰਪ੍ਰੀਤ ਕੌਰ ਪਤਨੀ ਸ. ਕਮਲਦੀਪ ਸਿੰਘ 8.ਸੰਕਰ , 9. ਬੀਬੀ ਨਰਿੰਦਰਜੀਤ ਕੌਰ ਪਤਨੀ ਸ੍ਰ: ਸਤਨਾਮ ਸਿੰਘ, 10. ਸਰਬਜੀਤ ਸਿੰਘ ਗਰਚਾ, 11 ਜਿੰਦਰ ਸਿੰਘ ਭੰਮਰਾ 12. ਧਰਮ ਸਿੰਘ ,13. ਬੀਬੀ ਚਰਨਜੀਤ ਕੌਰ ਪਤਨੀ ਸੁਰਿੰਦਰਪਾਲ ਸਿੰਘ, 14 ਧਰਮਿੰਦਰ ਸਿੰਘ ਆਸ਼ਾ, 15.ਬੀਬੀ ਕੁਲਵੰਤ ਕੌਰ ਪਤਨੀ ਅਵੀਨਾਸ਼ ਸਿੰਘ, 16.ਵਿਕਰਮ ਕੁਮਾਰ ਵਿੱਕੀ, 17. ਬੀਬੀ ਪਰਦੀਪ ਕੌਰ ਢਿੱਲੋਂ ਪਤਨੀ ਜਸਪ੍ਰੀਤ ਸਿੰਘ ਜੱਸੀ , 18.ਅਸ਼ੋਕ ਕੁਮਾਰ, 19 ਲਲਤਾ ਪਤਨੀ ਲੇਖ ਰਾਜ, 20. ਹਨੀ ਕੁਮਾਰ, 21 ਬੀਬੀ ਹਰਜੀਤ ਕੌਰ ਪਤਨੀ ਮਨਜੀਤ ਸਿੰਘ ਫੌਜੀ, 22.ਬੀਬੀ ਹਰਪਾਲ ਕੌਰ ਪੁੱਤਰੀ ਗੁਰਦੀਪ ਸਿੰਘ, 23. ਬੀਬੀ ਸੁਖਦੀਪ ਕੌਰ ਪਤਨੀ ਪਧਾਨ ਅਵਤਾਰ ਸਿੰਘ ਬਿੱਲਾ ਸੂਬਾ ਪ੍ਰਧਾਨ (ਪੱਲੇਦਾਰ ਯੂਨੀਅਨ) ਇਸ ਮੌਕੇ ਨਾਲ ਐਸਜੀਪੀਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਪ੍ਰਧਾਨ ਅਵਤਾਰ ਸਿੰਘ ਬਿੱਲਾ ਹਠੂਰ (ਜਗਰਾਉਂ ਵਾਲੇ) ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਸੀਨੀਅਰ ਅਕਾਲੀ ਆਗੂ ਹਰਦੇਵ ਸਿੰਘ ਬੌਬੀ, ਸੀਨੀਅਰ ਅਕਾਲੀ ਆਗੂ ਜੱਟ ਗਰੇਵਾਲ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਐੱਸ ਸੀ ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਅਵਤਾਰ ਸਿੰਘ ਕਲੇਰ ਹਠੂਰ, ਸਮੇਤ ਹੋਰ ਹੋਰ ਆਗੂ ਅਤੇ ਵਰਕਰ ਹਾਜਰ ਸਨ।

# ਨਗਰ ਕੌਂਸਲ ਚੋਣਾਂ: ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਕਾਂਗਰਸੀ ਉਮੀਦਵਾਰਾਂ ਲਈ ਕੀਤਾ ਜ਼ੋਰਦਾਰ ਚੋਣ ਪ੍ਰਚਾਰ





ਤਲਵੰਡੀ ਸਾਬੋ/ਮੌੜ ਮੰਡੀ, 17 ਮਈ (ਗੁਰਜੰਟ ਸਿੰਘ ਨਥੇਹਾ)- 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਮੌੜ ਦੀਆਂ ਚੋਣਾਂ ਲਈ ਬੀਤੇ ਦਿਨ ਨਾਮਜ਼ਦਗੀਆਂ ਦਾ ਦੌਰ ਮੁਕੰਮਲ ਹੋ ਜਾਣ ਉਪਰੰਤ ਹੁਣ ਵੱਖ ਵੱਖ ਸਿਆਸੀ ਧਿਰਾਂ ਦੇ ਆਗੂਆਂ ਨੇ ਆਪੋ ਆਪਣੇ ਉਮੀਦਵਾਰਾਂ ਦੇ ਹੱਕ ਚ ਚੋਣ ਪ੍ਰਚਾਰ ਦੀ ਕਮਾਨ ਸੰਭਾਲ ਲਈ ਹੈ।ਇਸੇ ਲੜੀ ਚ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਵੀ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਅੱਜ ਤੋਂ ਜ਼ੋਰਦਾਰ ਚੋਣ ਪ੍ਰਚਾਰ ਆਰੰਭ ਦਿੱਤਾ ਹੈ। ਟੀਮ ਸਿੱਧੂ ਵੱਲੋਂ ਮੁਹੱਈਆ ਕਰਵਾਈ ਜਾਣਕਾਰੀ ਅਨੁਸਾਰ ਜੀਤਮਹਿੰਦਰ ਸਿੰਘ ਸਿੱਧੂ ਨੇ ਅੱਜ ਨਗਰ ਕੌਂਸਲ ਮੌੜ ਦੇ ਵਾਰਡ ਨੰ: 11 ਤੋਂ ਕਾਂਗਰਸੀ ਉਮੀਦਵਾਰ ਸਨੇਹ ਲਤਾ ਦੇ ਹੱਕ ਚ ਵਾਰਡ ਚ ਜਿੱਥੇ ਜਨ ਸਭਾ ਨੂੰ ਸੰਬੋਧਨ ਕੀਤਾ ਉੱਥੇ ਵਾਰਡ ਨੰ:15 'ਚ ਉਮੀਦਵਾਰ ਰਾਜਵੀਰ ਸਿੰਘ ਦੇ ਹੱਕ ਚ ਘਰ ਘਰ ਜਾ ਕੇ ਵੋਟਾਂ ਮੰਗੀਆਂ। ਜਨਤਕ ਇਕੱਠ ਨੂੰ ਸੰਬੋਧਨ ਦੌਰਾਨ ਸਾਬਕਾ ਵਿਧਾਇਕ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਰਹੀ ਹੋਵੇ ਜਾਂ ਸ਼੍ਰੋਮਣੀ ਅਕਾਲੀ ਦਲ ਦੀ ਕਿਸੇ ਨੇ ਵੀ ਮੌੜ ਮੰਡੀ ਦੇ ਵਿਕਾਸ ਵੱਲ ਕੋਈ ਤਵੱਜੋਂ ਨਹੀ ਦਿੱਤੀ। ਅੱਜ ਵੀ ਕਈ ਵਾਰਡ ਵਿਕਾਸ ਦੀ ਅਣਹੋਂਦ ਦੀ ਕਹਾਣੀ ਖੁਦ ਬਿਆਨ ਕਰ ਰਹੇ ਹਨ। ਉਨਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਤਾਂ ਆਪਣੇ ਸਵਾ ਚਾਰ ਸਾਲ ਦੇ ਕਾਰਜਕਾਲ 'ਚ ਸਿਵਾਏ ਬਹਾਨੇਬਾਜ਼ੀ ਅਤੇ ਚੁਟਕੁਲੇ ਸੁਣਾਉਣ ਤੋਂ ਹੋਰ ਕੋਈ ਕੰਮ ਕੀਤਾ ਹੀ ਨਹੀ। ਇੱਥੋਂ ਤੱਕ ਕਿ ਬੀਬੀਆਂ ਨੂੰ ਇੱਕ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਮਾਣ ਭੱਤਾ ਦੇਣ ਦੇ ਐਲਾਨ ਨੂੰ ਅੱਜ ਤੱਕ ਵੀ ਅਮਲੀ ਜਾਮਾ ਨਹੀ ਪਹਿਨਾਇਆ ਗਿਆ ਸਿਰਫ ਰਜਿਸਟ੍ਰੇਸ਼ਨਾਂ ਦੇ ਨਾਂ ਤੇ ਸਮਾਂ ਲੰਘਾਇਆ ਜਾ ਰਿਹਾ ਹੈ। ਉਨਾਂ ਯਕੀਨ ਦਵਾਇਆ ਕਿ ਕਾਂਗਰਸ ਸਰਕਾਰ ਬਨਣ ਤੇ ਮੌੜ ਮੰਡੀ ਨੂੰ ਵਿਕਾਸ ਪੱਖੋਂ ਨਮੂਨੇ ਦਾ ਸ਼ਹਿਰ ਬਣਾਇਆ ਜਾਵੇਗਾ। ਇਸ ਮੌਕੇ ਰਾਜੇਸ਼ ਜੈਨ ਸਾਬਕਾ ਪ੍ਰਧਾਨ ਨਗਰ ਕੌਂਸਲ ਮੌੜ, ਸ਼ਹਿਰੀ ਕਾਂਗਰਸ ਪ੍ਰਧਾਨ ਕੁਲਵੰਤ ਸਿੰਘ, ਨਿੱਜੀ ਸਹਾਇਕ ਅਮਰਜੀਤ ਸਿੰਘ ਚੀਮਾ, ਤੀਰਥ ਸਿੰਗਲਾ, ਵਿਜੈ ਕੁਮਾਰ ਸਾਬਕਾ ਉਪ ਚੇਅਰਮੈਨ ਮਾਰਕਿਟ ਕਮੇਟੀ ਮੌੜ, ਸੁਖਮੰਦਰ ਸਿੰਘ ਜੋਧਪੁਰ ਪਾਖਰ, ਸਿਮਰ ਮੌੜ ਕਲਾਂ ਸਮੇਤ ਵੱਡੀ ਗਿਣਤੀ ਕਾਂਗਰਸੀ ਆਗੂ ਮੌਜੂਦ ਸਨ।

# ਪੰਜਾਬ ਦੇ ਬੇਅਦਬੀ ਕਾਨੂੰਨ ਦੇ ਗਲੋਬਲ ਪ੍ਰਭਾਵਾਂ 'ਤੇ ਐਨਆਰਆਈ-ਸਿੱਖਾਂ ਦੀ ਅੰਤਰਰਾਸ਼ਟਰੀ ਮੀਟਿੰਗ ਬੁਲਾਏਗਾ ਇੰਡਸ ਕੈਨੇਡਾ ਫਾਊਂਡੇਸ਼ਨ, ਰਾਸ਼ਟਰਪਤੀ ਦਖਲ ਦੀ ਮੰਗ



ਚੌਕ ਮਹਿਤਾ, 17 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ): ਇੰਡਸ ਕੈਨੇਡਾ ਫਾਊਂਡੇਸ਼ਨ (ਆਈਸੀਐਫ) ਨੇ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਪਾਸ ਕੀਤੇ "ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੰਸ਼ੋਧਨ) ਬਿੱਲ-2026" ਨੂੰ ਲੈ ਕੇ ਗੰਭੀਰ ਚਿੰਤਾ ਜਤਾਈ ਹੈ। ਇਸ ਕਾਨੂੰਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਮਾਮਲਿਆਂ ਵਿੱਚ ਉਮਰ ਕੈਦ ਤੱਕ ਦੀ ਸਜ਼ਾ ਦਾ ਪ੍ਰਾਵਧਾਨ ਕੀਤਾ ਗਿਆ ਹੈ। ਫਾਊਂਡੇਸ਼ਨ ਨੇ ਸਪਸ਼ਟ ਕੀਤਾ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਤੀ ਪੂਰੀ ਸ਼ਰਧਾ ਰੱਖਦੀ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਬੇਅਦਬੀ ਦੀ ਕੜੀ ਨਿੰਦਾ ਕਰਦੀ ਹੈ, ਪਰ ਇਹ ਕਾਨੂੰਨ ਕਾਨੂੰਨੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਕਈ ਜਟਿਲ ਸਵਾਲ ਖੜੇ ਕਰਦਾ ਹੈ, ਖ਼ਾਸ ਕਰਕੇ ਵਿਦੇਸ਼ਾਂ ਵਿੱਚ ਰਹਿੰਦੇ ਲਗਭਗ 1.1 ਕਰੋੜ ਸਿੱਖਾਂ ਲਈ ਆਈਸੀਐਫ ਦੇ ਪ੍ਰਧਾਨ ਵਿਕਰਮ ਬਾਜਵਾ ਨੇ ਦੱਸਿਆ ਕਿ ਕੈਨੇਡਾ, ਅਮਰੀਕਾ, ਬ੍ਰਿਟੇਨ ਅਤੇ ਆਸਟ੍ਰੇਲੀਆ ਸਮੇਤ ਵੱਖ-ਵੱਖ ਦੇਸ਼ਾਂ ਦੇ ਗੁਰਦੁਆਰਿਆਂ ਅਤੇ ਸਿੱਖ ਸੰਸਥਾਵਾਂ ਦੀ ਇੱਕ ਗਲੋਬਲ ਜ਼ੂਮ ਮੀਟਿੰਗ 11 ਜੂਨ 2026 ਨੂੰ ਬੁਲਾਈ ਗਈ ਹੈ, ਜਿਸ ਵਿੱਚ ਇਸ ਕਾਨੂੰਨ ਦੇ ਸੰਭਾਵਿਤ ਪ੍ਰਭਾਵਾਂ ਅਤੇ ਕਾਨੂੰਨੀ ਪੱਖਾਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਬਾਜਵਾ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਰਹਿੰਦੀ ਮਾਡਰਨ ਜਨਰੇਸ਼ਨ ਦੇ ਸਿੱਖ ਇਸ ਕਾਨੂੰਨ ਵਿੱਚ ਰੱਖੀਆਂ ਗਈਆਂ ਸਖ਼ਤ ਸਜ਼ਾਵਾਂ ਨੂੰ ਲੈ ਕੇ ਹੈਰਾਨ ਅਤੇ ਚਿੰਤਤ ਹਨ। ਉਨ੍ਹਾਂ ਕਿਹਾ ਕਿ ਅਮਰੀਕਾ, ਕੈਨੇਡਾ, ਬ੍ਰਿਟੇਨ ਅਤੇ ਆਸਟ੍ਰੇਲੀਆ ਵਰਗੇ ਦੇਸ਼ਾਂ ਵਿੱਚ 70 ਫੀਸਦੀ ਤੋਂ ਵੱਧ ਹੋਟਲਾਂ ਅਤੇ ਮੋਟਲਾਂ ਦੇ ਕਮਰਿਆਂ ਵਿੱਚ ਬਾਈਬਲ ਰੱਖੀ ਜਾਂਦੀ ਹੈ, ਜਿੱਥੇ ਲੋਕ ਧੂਮਰਪਾਨ ਕਰਦੇ ਹਨ, ਸ਼ਰਾਬ ਪੀਂਦੇ ਹਨ ਅਤੇ ਆਪਣੀ ਨਿੱਜੀ ਜੀਵਨਸ਼ੈਲੀ ਅਨੁਸਾਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਲੋਕਤਾਂਤਰਿਕ ਦੇਸ਼ਾਂ ਵਿੱਚ ਧਾਰਮਿਕ ਗ੍ਰੰਥ ਲੋਕਾਂ ਨੂੰ ਆਤਮ-ਚਿੰਤਨ, ਆਧਿਆਤਮਿਕਤਾ ਅਤੇ ਨੈਤਿਕ ਮਾਰਗਦਰਸ਼ਨ ਦੇਣ ਲਈ ਹੁੰਦੇ ਹਨ, ਨਾ ਕਿ ਡਰ ਅਤੇ ਸਜ਼ਾ ਦਾ ਕਾਰਨ ਬਣਨ ਲਈ ਫਾਊਂਡੇਸ਼ਨ ਨੇ ਇਹ ਸਵਾਲ ਵੀ ਉਠਾਇਆ ਕਿ ਜੇ ਇਸ ਕਾਨੂੰਨ ਦੀ ਵਿਸਤ੍ਰਿਤ ਵਿਆਖਿਆ ਕੀਤੀ ਗਈ ਤਾਂ ਕੀ ਵਿਦੇਸ਼ਾਂ ਵਿੱਚ ਰਹਿੰਦੇ ਸਿੱਖ ਆਪਣੇ ਘਰਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਰੱਖਣ ਨੂੰ ਲੈ ਕੇ ਕਾਨੂੰਨੀ ਅਸਮੰਜਸ ਵਿੱਚ ਫਸ ਸਕਦੇ ਹਨ। ਬਾਜਵਾ ਨੇ ਕਿਹਾ ਕਿ ਇਹ ਪਵਿੱਤਰ ਗ੍ਰੰਥ ਪੰਜਾਬ ਸਰਕਾਰ ਦੀ ਸੰਪਤੀ ਨਹੀਂ ਹਨ। ਸਰਕਾਰ ਨਾ ਤਾਂ ਇਨ੍ਹਾਂ ਨੂੰ ਪ੍ਰਕਾਸ਼ਿਤ ਕਰਦੀ ਹੈ ਅਤੇ ਨਾ ਹੀ ਉਸਦੇ ਕੋਲ ਕੋਈ ਐਸਾ ਧਾਰਮਿਕ ਵਿਭਾਗ ਹੈ ਜੋ ਵਿਸ਼ਵ ਪੱਧਰ 'ਤੇ ਧਾਰਮਿਕ ਪਰੰਪਰਾਵਾਂ ਨੂੰ ਨਿਯੰਤਰਿਤ ਕਰਦਾ ਹੋਵੇ। ਫਾਊਂਡੇਸ਼ਨ ਨੇ ਇਹ ਵੀ ਕਿਹਾ ਕਿ ਦੁਨੀਆ ਦੇ ਕਿਸੇ ਹੋਰ ਵੱਡੇ ਲੋਕਤਾਂਤਰਿਕ ਦੇਸ਼ ਵਿੱਚ ਧਾਰਮਿਕ ਗ੍ਰੰਥਾਂ ਨਾਲ ਜੁੜੇ ਮਾਮਲਿਆਂ ਵਿੱਚ ਇੰਨੀ ਸਖ਼ਤ ਦੰਡਾਤਮਕ ਵਿਵਸਥਾ ਵਾਲਾ ਕਾਨੂੰਨ ਲਾਗੂ ਨਹੀਂ ਹੈ। ਫਾਊਂਡੇਸ਼ਨ ਦਾ ਮੰਨਣਾ ਹੈ ਕਿ ਇਹ ਕਾਨੂੰਨ ਧਾਰਮਿਕ ਸਹਿਮਤੀ ਨਾਲੋਂ ਵੱਧ ਰਾਜਨੀਤਿਕ ਸੋਚ ਤੋਂ ਪ੍ਰੇਰਿਤ ਦਿਖਾਈ ਦਿੰਦਾ ਹੈ ਫਾਊਂਡੇਸ਼ਨ ਨੇ ਸੰਕੇਤ ਦਿੱਤਾ ਕਿ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਜਾਰੀ ਹੈ ਅਤੇ 11 ਜੂਨ ਦੀ ਮੀਟਿੰਗ ਤੋਂ ਬਾਅਦ ਇਸ ਕਾਨੂੰਨ ਨੂੰ ਭਾਰਤ ਦੇ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਜਾ ਸਕਦੀ ਹੈ।

# ਸਰਕਾਰ ਵੱਲੋਂ ਬਣਾਏ ਐਕਟ ਵਿੱਚ ਸਿੱਖ ਭਾਵਨਾਵਾਂ ਵਿਰੁੱਧ ਦਰਜ ਮੱਦਾਂ ਤੇ ਸ਼ਬਦਾਵਲੀ ਨੂੰ ਲੈ ਕੇ ਸਿੱਖ ਜਥੇਬੰਦੀਆਂ ਦੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਈ ਭਰਵੀਂ ਇਕੱਤਰਤਾ



ਨਵੀਂ ਦਿੱਲੀ, 17 ਮਈ (ਮਨਪ੍ਰੀਤ ਸਿੰਘ ਖਾਲਸਾ):– ਪੰਜਾਬ ਸਰਕਾਰ ਦੁਆਰਾ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਵਿੱਚ ਸਿੱਖ ਭਾਵਨਾਵਾਂ ਵਿਰੁੱਧ ਦਰਜ ਮੱਦਾਂ ਨੂੰ ਲੈਣ ਕੇ ਖਾਲਸਾ ਪੰਥ ਵੱਲੋਂ ਪ੍ਰਗਟਾਏ ਜਾ ਰਹੇ ਸੰਕਿਆਂ ਬਾਰੇ ਵਿਚਾਰ ਵਟਾਂਦਰੇ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੱਲੋਂ ਅਹਿਮ ਇਕੱਤਰਤਾ ਬੁਲਾਈ ਗਈ। ਇਕੱਤਰਤਾ ਵਿੱਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਵਿਚਾਰਵਾਨ ਸਿੱਖਾਂ ਅਤੇ ਵੱਖ–ਵੱਖ ਸੰਸਥਾਵਾਂ ਤੇ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਰਵੀਂ ਸ਼ਮੂਲੀਅਤ ਕਰਦਿਆਂ ਖੁੱਲ੍ਹੇ ਮਾਹੌਲ ਵਿੱਚ ਆਪਣੇ ਵਿਚਾਰ ਰੱਖੇ। ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਬਾਰੇ ਇਕੱਤਰਤਾ ਦੌਰਾਨ ਵੱਖ–ਵੱਖ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਵੱਲੋਂ ਪਾਸ ਕੀਤਾ ਗਿਆ ਐਕਟ ਸਿੱਖਾਂ ਦੇ ਧਾਰਮਿਕ ਮਾਮਲਿਆਂ ਅੰਦਰ ਸਿੱਧਾ ਦਖਲ ਹੈ ਅਤੇ ਇਸ ਨਾਲ ਬੇਅਦਬੀ ਦੇ ਮਾਮਲਿਆਂ ਅੰਦਰ ਦੋਸ਼ੀਆਂ ਨੂੰ ਸਜ਼ਾਵਾਂ 'ਤੇ ਕੇਂਦ੍ਰਿਤ ਹੋਣ ਅਤੇ ਸਿੱਖਾਂ ਨੂੰ ਇਨਸਾਫ਼ ਦੇਣ ਦੀ ਥਾਂ ਸਿੱਖ ਸੰਸਥਾਵਾਂ, ਗੁਰਦੁਆਰਾ ਪ੍ਰਬੰਧਕਾਂ, ਸ਼ਰਧਾਲੂ ਸੰਗਤ, ਗ੍ਰੰਥੀ ਸਿੰਘਾਂ ਦੀ ਵਧੇਰੇ ਜ਼ਿੰਮੇਵਾਰੀ ਤੈਅ ਕੀਤੀ ਹੈ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਸੀਂ ਐਕਟ ਵਿੱਚ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੇ ਖਿਲਾਫ ਨਹੀਂ ਕੇਵਲ ਸਿੱਖ ਭਾਵਨਾਵਾਂ ਦੇ ਵਿਰੁੱਧ ਦਰਜ ਮੱਦਾਂ ਨੂੰ ਹਟਾਉਣ ਦੀ ਮੰਗ ਕਰਦੇ ਹਾਂ। ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਨਾਲ ਟਕਰਾ ਨਹੀਂ ਚਹੁੰਦੇ ਅਤੇ ਸਰਕਾਰ ਨੂੰ ਵੀ ਸਿੱਖ ਭਾਵਨਾਵਾਂ ਨੂੰ ਸਮਝਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਵੱਲੋਂ ਪ੍ਰਚਾਰਿਆ ਜਾ ਰਿਹਾ ਹੈ ਕਿ ਇਸ ਐਕਟ ਨਾਲ ਕੋਈ ਵੀ ਦੋਸ਼ੀ ਮੰਦਬੁੱਧੀ ਕਹਿ ਕੇ ਬੱਚ ਨਹੀਂ ਸਕੇਗਾ ਪ੍ਰੰਤੂ ਐਕਟ ਵਿੱਚ ਮੰਦਬੁੱਧੀ ਬਾਰੇ ਕਿਤੇ ਵੀ ਜਿਕਰ ਨਹੀਂ ਕੀ ਇਹ ਸਰਕਾਰ ਦੀ ਮਨਸ਼ਾ ਤੇ ਸਵਾਲ ਨਹੀਂ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਐਕਟ ਨਵਾਂ ਨਹੀਂ ਸਗੋਂ 2008 ਦੇ ਐਕਟ ਵਿੱਚ ਸੋਧ ਹੈ ਜਿਸ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਕਾਸ਼ਨਾ ਦੇ ਅਧਿਕਾਰ ਸ਼੍ਰੋਮਣੀ ਕਮੇਟੀ ਨੂੰ ਦਿੱਤੇ ਗਏ ਸਨ। ਉਨ੍ਹਾਂ ਕਿਹਾ ਸਰਕਾਰ ਨੇ ਬੇਅਦਬੀਆਂ ਰੋਕਣ ਲਈ ਐਕਟ ਬਨਾਉਣ ਲਈ ਜੋ ਕਮੇਟੀ ਬਣਾਈ ਸੀ ਉਸ ਕਮੇਟੀ ਦੇ ਸਮੇਂ ਵਿੱਚ ਵਾਧਾ ਕਰ ਦਿੱਤਾ ਗਿਆ ਜਦਕਿ ਬਿਨਾਂ ਕਿਸੇ ਦੀ ਰਾਏ ਲਏ ਪਹਿਲਾਂ ਮੌਜੂਦ ਕਨੂੰਨ ਵਿਚ ਸੋਧਾਂ ਕਰ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਐਕਟ ਵਿੱਚ ਦਰਜ਼ ਕੁਝ ਮੱਦਾਂ ਸਿੱਖ ਸ਼ਰਧਾਲੂਆਂ ਨੂੰ ਗੁਰਬਾਣੀ ਨਾਲੋਂ ਤੋੜਨ ਦਾ ਕਾਰਨ ਬਣਨਗੀਆਂ ਜਿਸ ਨੂੰ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਸਰਕਾਰ ਨੂੰ ਹਠਧਰਮੀ ਛੱਡ ਕੇ ਸਿੱਖ ਭਾਵਨਾਵਾਂ ਵਿਰੁੱਧ ਦਰਜ ਸ਼ਬਦਾਵਲੀ ਨੂੰ ਬਦਲਣ ਲਈ ਆਖਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬੋਲਦਿਆਂ ਸਰਕਾਰ ਨੂੰ ਕਰੜੇ ਹੱਥੀਂ ਲਿਆ। ਉਨ੍ਹਾਂ ਕਿਹਾ ਕਿ ਕੋਈ ਵੀ ਸਰਕਾਰ ਪੰਥ ਦੇ ਨਿਯਮ ਨਹੀਂ ਘੜ ਸਕਦੀ। ਸਿੰਘ ਸਾਹਿਬ ਨੇ ਵੀ ਬੁਲਾਰਿਆਂ ਦੀ ਗੱਲ ਨੂੰ ਦੁਹਰਾਉਂਦਿਆਂ ਕਿਹਾ ਕਿ ਸਰਕਾਰ ਦਾ ਮਕਸਦ ਸਿਰਫ ਇੱਕੋ ਹੈ ਕਿ ਕਿਵੇਂ ਨਾ ਕਿਵੇਂ ਪੰਥ ਨੂੰ ਗ੍ਰੰਥ ਨਾਲੋਂ ਤੋੜਿਆ ਜਾਵੇ। ਉਨ੍ਹਾਂ ਮੁੱਖ ਮੰਤਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸ਼ਰੇਆਮ ਮੁੱਖ ਮੰਤਰੀ ਵੱਲੋਂ ਝੂਠ ਬੋਲਿਆ ਜਾ ਰਿਹਾ ਹੈ। ਮੁੱਖ ਮੰਤਰੀ ਇਹ ਕਹਿ ਰਿਹਾ ਹੈ ਕਿ ਉਨ੍ਹਾਂ ਜੋ ਕਨੂੰਨ ਬਣਾਇਆ ਹੈ ਇਸ ਨਾਲ ਹੁਣ ਬੇਅਦਬੀ ਕਰਨ ਵਾਲਾ ਭਾਵੇਂ ਮੰਦਬੁੱਦੀ ਵੀ ਕਿਉਂ ਨਾ ਹੋਵੇ ਉਸ ਨੂੰ ਸਜ਼ਾ ਮਿਲੇਗੀ ਇਸ ਤੋਂ ਸਿੱਧ ਹੁੰਦਾ ਹੈ ਕਿ ਉਸ ਨੇ ਇਹ ਕਨੂੰਨ ਪੜਿਆ ਹੀ ਨਹੀਂ। ਹਾਲ ਹੀ 'ਚ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਇੱਕ ਚਿੱਠੀ ਜਿਸ ਵਿਚ ਦਾਅਵਾ ਕੀਤਾ ਗਿਆ ਹੈ ਕਿ ਪੰਜਾਬ ਸਰਕਾਰ ਨੇ ਇੱਕ ਕੰਪਨੀ ਹਾਇਰ ਕੀਤੀ ਹੈ ਜਿਹੜੀ ਕਿ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਵੇਗੀ ਅਤੇ ਪ੍ਰੋਪੇਗੰਡਾ ਸੈੱਟ ਕਰੇਗੀ ਇਸ ਵਿਸ਼ੇ 'ਤੇ ਵੀ ਸਿੰਘ ਸਾਹਿਬ ਨੇ ਸਖਤ ਪ੍ਰਤੀਕਰਮ ਦਿੱਤਾ। ਸਿੰਘ ਸਾਹਿਬ ਨੇ ਕਿਹਾ ਕਿ ਜਿਨ੍ਹਾਂ ਸਮਾਂ ਸਰੀਰ 'ਚ ਜਾਨ ਹੈ ਉਹ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਯਾਦਾ ਲਈ ਜੂਝਦੇ ਰਹਿਣਗੇ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਕੋਈ ਵੀ ਅਜਿਹਾ ਕਨੂੰਨ ਪ੍ਰਵਾਨ ਨਹੀਂ ਹੈ ਜੋ ਪੰਥ ਦੀ ਮਰਜੀ ਤੋਂ ਬਿਨਾਂ ਬਣੇਗਾ।

ਇਸ ਮੌਕੇ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਾਂ ਦੇ ਅੰਦਰੂਨੀ ਧਾਰਮਿਕ ਮਾਮਲਿਆਂ ਵਿੱਚ ਕੀਤਾ ਗਿਆ ਦਖਲ ਕਦਾਚਿਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਭਰੋਸੇ ਵਿੱਚ ਲਏ ਬਿਨਾਂ ਜੋ ਕਾਨੂੰਨ ਪਾਸ ਕੀਤਾ ਹੈ, ਉਹ ਸਿੱਖੀ ਪ੍ਰਚਾਰ ਦੇ ਰਾਹ ਵਿੱਚ ਰੁਕਾਵਟਾਂ ਪੈਦਾ ਕਰਨ ਦੀ ਸਾਜ਼ਿਸ਼ ਜਾਪਦਾ ਹੈ। ਸਿੰਘ ਸਾਹਿਬ ਜੀ ਨੇ ਕਿਹਾ ਕਿ "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਯਾਦਾ ਅਤੇ ਸਤਿਕਾਰ ਦਾ ਮਾਮਲਾ ਪੰਥ ਦਾ ਅੰਦਰੂਨੀ ਮਾਮਲਾ ਹੈ। ਸਰਕਾਰ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਕਾਨੂੰਨ ਬਣਾਏ, ਪਰ ਗੁਰੂ ਸਾਹਿਬ ਦੇ ਸਰੂਪਾਂ ਦੀ ਸੇਵਾ–ਸੰਭਾਲ ਅਤੇ ਪ੍ਰਚਾਰ ਵਿੱਚ ਸਰਕਾਰੀ ਦਖਲਅੰਦਾਜ਼ੀ ਪ੍ਰਵਾਨ ਨਹੀਂ ਕੀਤੀ ਜਾ ਸਕਦੀ।" ਉਨ੍ਹਾਂ ਕਿਹਾ ਕਿ ਕਸਟੋਡੀਅਨ ਮੱਦ ਦੀ ਆੜ ਵਿੱਚ ਘਰਾਂ ਅੰਦਰ ਸ੍ਰੀ ਅਖੰਡ ਪਾਠ ਸਾਹਿਬ ਜਾਂ ਸ੍ਰੀ ਸਹਿਜ ਪਾਠ ਸਾਹਿਬ ਦੀ ਜ਼ਿੰਮੇਵਾਰੀ ਤੈਅ ਕਰਨ ਨਾਲ ਸੰਗਤ ਵਿੱਚ ਡਰ ਦਾ ਮਾਹੌਲ ਪੈਦਾ ਹੋ ਗਿਆ ਹੈ। ਇਸੇ ਸਹਿਮ ਕਾਰਨ ਸੰਗਤ ਆਪਣੇ ਘਰਾਂ ਵਿੱਚੋਂ ਪਵਿੱਤਰ ਪੋਥੀਆਂ ਅਤੇ ਗੁਟਕਾ ਸਾਹਿਬ ਗੁਰਦੁਆਰਾ ਸਾਹਿਬਾਨ ਵਿੱਚ ਜਮ੍ਹਾ ਕਰਵਾ ਰਹੀ ਹੈ। ਇਹ ਰੁਝਾਨ ਸਿੱਖੀ ਦੇ ਪ੍ਰਚਾਰ ਅਤੇ ਘਰ–ਘਰ ਬਾਣੀ ਪਹੁੰਚਾਉਣ ਦੇ ਮਿਸ਼ਨ ਲਈ ਇੱਕ ਵੱਡੀ ਚੁਣੌਤੀ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਨੇ ਕਿਹਾ ਕਿ ਅੱਜ ਸਰਕਾਰ ਇਸ ਕਨੂੰਨ ਰਾਹੀਂ ਸਿੱਖ ਸੰਗਤ ਨੂੰ ਗੁਰਬਾਣੀ ਨਾਲੋਂ ਤੋੜਨ ਦਾ ਯਤਨ ਕਰ ਰਹੀ ਹੈ। ਸ. ਝੱਬਰ ਨੇ ਕਿਹਾ ਕਿ ਜਿਸ ਤਰੀਕੇ ਕਦੀ ਮੁਗਲ ਸਰਕਾਰ ਅਤੇ ਅੰਗਰੇਜ਼ ਸਰਕਾਰ ਤਾਨਾਸ਼ਾਹੀ ਕਰਦੀ ਰਹੀ ਹੈ ਉਸੇ ਤਰ੍ਹਾਂ ਹੀ ਇਹ ਸਰਕਾਰ ਸਿੱਖ ਪੰਥ ਨਾਲ ਧੱਕਾ ਕਰ ਰਹੀ ਹੈ। ਜੇਕਰ ਅੱਜ ਅਸੀਂ ਇਸ ਵਿਰੁੱਧ ਕਮਰਕੱਸਾ ਕਰਕੇ ਨਾ ਤੁਰੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਕੋਸਣਗੀਆਂ। ਇਸ ਮੌਕੇ ਗ੍ਰੰਥੀ ਸਭਾ ਦੇ ਪ੍ਰਧਾਨ ਸ. ਜਗਮੇਲ ਸਿੰਘ ਛਾਜਲਾ ਨੇ ਬੋਲਦਿਆਂ ਕਿਹਾ ਕਿ ਨਵੇਂ ਕਾਨੂੰਨ ਦੇ ਡਰੋਂ ਉਨ੍ਹਾਂ ਕੋਲ ਲਗਾਤਾਰ ਸਿੱਖ ਸੰਗਤ ਵੱਡੀ ਗਿਣਤੀ 'ਚ ਗੁੱਟਕੇ ਜਮ੍ਹਾਂ ਕਰਵਾ ਰਹੀ ਹੈ। ਸ. ਛਾਜਲਾ ਨੇ ਕਿਹਾ ਕਿ ਕਨੂੰਨ ਦੀ ਆੜ 'ਚ ਸਰਕਾਰ ਗ੍ਰੰਥੀ ਸਿੰਘਾਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਨਿਸ਼ਾਨਾ ਬਣਾ ਰਹੀ ਹੈ। ਇਸ ਮੌਕੇ ਸਮੁੱਚੇ ਸੰਤ ਸਮਾਜ ਵੱਲੋਂ ਬਾਬਾ ਪ੍ਰੀਤਮ ਸਿੰਘ ਮੱਲੜੀ ਵਾਲਿਆਂ ਨੇ ਸੰਬੋਧਨ ਹੁੰਦਿਆਂ ਕਨੂੰਨ ਵਿਚਲੀਆਂ ਖਾਮੀਆਂ ਨੂੰ ਸੰਗਤ ਦੇ ਸਾਹਮਣੇ ਰੱਖਿਆ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦੀ ਧਰਤੀ ਹੈ ਤੇ ਸਰਕਾਰ ਨੇ ਕਨੂੰਨ ਅੰਗਰੇਜ਼ੀ ਭਾਸ਼ਾ 'ਚ ਲਿਖਿਆ ਹੈ ਜਿਸ ਤੋਂ ਸਿੱਧ ਹੁੰਦਾ ਹੈ ਕਿ ਸਰਕਾਰ ਕੁਝ ਚੋਰ ਮੋਰੀਆਂ ਰੱਖ ਰਹੀ ਹੈ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਮੋਹਨ ਸਿੰਘ ਬੰਗੀ, ਸ. ਮੇਜਰ ਸਿੰਘ ਢਿੱਲੋਂ, ਬਾਬਾ ਬੂਟਾ ਸਿੰਘ, ਬੀਬੀ ਜੋਗਿੰਦਰ ਕੌਰ, ਸ. ਸੁਰਜੀਤ ਸਿੰਘ ਰਾਏਪੁਰ, ਬਾਬਾ ਗੁਰਮੀਤ ਸਿੰਘ ਤਿਲੋਕਾਵਾਲਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਸੁਖਬੀਰ ਸਿੰਘ, ਗਿਆਨੀ ਪ੍ਰਨਾਮ ਸਿੰਘ ਮੁੱਖ ਗ੍ਰੰਥੀ ਗੁ. ਦੂਖ ਨਿਵਾਰਨ ਸਾਹਿਬ ਪਟਿਆਲਾ, ਸ. ਨਰਿੰਦਰਜੀਤ ਸਿੰਘ ਮੈਨੇਜਰ ਤਖਤ ਸ੍ਰੀ ਦਮਦਮਾ ਸਾਹਿਬ, ਮੈਨੇਜਰ ਸ. ਸੁਰਜੀਤ ਸਿੰਘ, ਸ. ਭਾਗ ਸਿੰਘ, ਸ. ਰਜਿੰਦਰ ਸਿੰਘ, ਸ. ਨਿਰਮਲ ਸਿੰਘ, ਸ. ਜਗਜੀਤ ਸਿੰਘ, ਸ. ਹਰਭਗਵਾਨ ਸਿੰਘ, ਸ. ਸੁਖਦੇਵ ਸਿੰਘ ਮੀਤ ਮੈਨੇਜਰ, ਸ. ਭੋਲਾ ਸਿੰਘ ਇੰਚਾਰਜ ਸਬ ਆਫਿਸ ਧਰਮ ਪ੍ਰਚਾਰ ਕਮੇਟੀ, ਸ. ਰਵਿੰਦਰ ਸਿੰਘ ਖਾਲਸਾ, ਸ. ਮਨਿੰਦਰ ਸਿੰਘ ਇੰਚਾਰਜ ਸਬ ਆਫਿਸ ਸ਼੍ਰੋਮਣੀ ਕਮੇਟੀ, ਸ. ਅਵਤਾਰ ਸਿੰਘ ਇੰਚਾਰਜ, ਸ. ਬਹਾਲ ਸਿੰਘ ਇੰਚਾਰਜ, ਹੈੱਡ ਪ੍ਰਚਾਰਕ ਗਿਆਨੀ ਸਰਬਜੀਤ ਸਿੰਘ ਢੋਟੀਆਂ, ਸ. ਜਸਪ੍ਰੀਤ ਸਿੰਘ, ਸ. ਆਤਮਜੀਤ ਸਿੰਘ, ਸ. ਸੁਰਜੀਤ ਸਿੰਘ, ਬਾਬਾ ਨਾਰਾਇਣ ਸਿੰਘ ਪ੍ਰਧਾਨ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਗ੍ਰੰਥੀ ਸਭਾ, ਗਿਆਨੀ ਜਗਬੀਰ ਸਿੰਘ ਗ੍ਰੰਥੀ, ਸ. ਰਾਜਪਾਲ ਸਿੰਘ, ਸ. ਤਰਸੇਮ ਸਿੰਘ, ਨੇਤਰਹੀਨ ਸੰਸਥਾ ਗੁ. ਚੰਦੂਆਣਾ ਸਾਹਿਬ ਪਿੰਡ ਦੀਵਾਨਾ, ਸੰਤ ਬਾਬਾ ਮੋਹਨ ਦਾਸ ਜੀ, ਸੰਤ ਬਾਬਾ ਕਰਤਾਰ ਦਾਸ ਜੀ, ਸੰਤ ਬਾਬਾ ਲਾਲ ਦਾਸ ਜੀ, ਬਾਬਾ ਸੁੱਖਾ ਸਿੰਘ ਜੀ, ਬਾਬਾ ਸੁਖਦੇਵ ਸਿੰਘ ਜੀ, ਸ. ਜਰਨੈਲ ਸਿੰਘ ਹੀਰੋਂ, ਸ. ਰਣਧੀਰ ਸਿੰਘ ਚੈਨੇਵਾਲਾ, ਪ੍ਰਧਾਨ ਦਰਸ਼ਨ ਸਿੰਘ ਪੱਕਾ ਸ਼ਹੀਦਾਂ, ਬਾਬਾ ਭੋਲਾ ਸਿੰਘ ਮੁਕਤਸਰ ਸਾਹਿਬ, ਰੁਪਿੰਦਰ ਸਿੰਘ ਦੀਦਾਰੀਵਾਲਾ, ਸੰਤ ਬਾਬਾ ਭਰਭੂਰ ਸਿੰਘ ਘਨੌਰ ਕਲਾਂ ਵਾਲੇ, ਬਾਬਾ ਸੁਖਦੇਵ ਸਿੰਘ ਜੀ, ਬਾਬਾ ਹਰਬੇਅੰਤ ਸਿੰਘ ਜੀ ਮਸਤੂਆਣਾ ਸਾਹਿਬ, ਬਾਬਾ ਵਾਹਿਗੁਰੂ ਸਿੰਘ ਜੀ, ਬਾਬਾ ਸਤਪਾਲ ਸਿੰਘ ਜੀ, ਬਾਬਾ ਨਾਮਦੇਵ ਸਭਾ ਬਰੇਟਾ ਮੰਡੀ, ਗੁਰਮਤਿ ਪ੍ਰਚਾਰ ਗ੍ਰੰਥੀ ਸਭਾ ਬਰਨਾਲਾ, ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਗ੍ਰੰਥੀ ਸਭਾ ਆਲ ਇੰਡਿਆ ਸਰਪ੍ਰਸਤ ਬਾਬਾ ਬੂਟਾ ਸਿੰਘ, ਹਰੀ ਨਰੈਣ ਸਿੰਘ ਬੋਹਾ, ਰਾਮਪੁਰਾ ਅਤੇ ਬਠਿੰਡਾ ਤੋਂ ਸਮੂਹ ਗ੍ਰੰਥੀ ਸਿੰਘ, ਸਮੂਹ ਪ੍ਰਬੰਧਕ ਕਮੇਟੀ ਗੁ. ਝੋਟਾਸਰ ਸਾਹਿਬ, ਸੰਤ ਬਾਬਾ ਘਾਲਾ ਸਿੰਘ ਨਾਨਕਸਰ ਸਾਹਿਬ, ਬਾਬਾ ਜਗਰੂਪ ਸਿੰਘ ਨਿਰਮਲੇ, ਬਾਬਾ ਜਗਸੀਰ ਸਿੰਘ, ਬਾਬਾ ਪ੍ਰਦੀਪ ਸਿੰਘ ਜੀ, ਭਾਈ ਮੱਖਣ ਸਿੰਘ ਸ. ਜਗਮੇਲ ਸਿੰਘ ਛਾਜਲਾ, ਸੰਤ ਬਾਬਾ ਹਰਵਿੰਦਰ ਸਿੰਘ ਨਿਰਮਲੇ ਸਮੇਤ ਵੱਡੀ ਗਿਣਤੀ 'ਚ ਸੰਗਤ ਹਾਜ਼ਰ ਸੀ।

## ਇੱਕ ਨਜ਼ਰ...



## ਨੈਤਿਕਤਾ ਦਾ ਸਿਖਿਆ ਵਿਚੋਂ ਅਲੋਪ ਹੋਣਾ ਖਤਰੇ ਦੀ ਘੰਟੀ: ਪੀ.ਸੀ ਕੁਮਾਰ

ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) : ਅੱਜ ਨੈਤਿਕਤਾ ਤੇ ਸਿੱਖਿਆ ਦਾ ਆਪਸ ਵਿਚ ਨੂੰਹ ਮਾਸ ਦਾ ਰਿਸ਼ਤਾ ਹੈ, ਇਸ ਦਾ ਅਲੋਪ ਹੋਣਾ ਇਕ ਖਤਰੇ ਦੀ ਘੰਟੀ ਹੈ। ਅੱਜ ਇਸ ਵਿਸ਼ੇ ਤੇ ਬੋਲਦਿਆਂ ਹੋਇਆ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ, ਸਮਾਜ ਸੁਧਾਰਕ, ਸੀਨੀਅਰ ਸਿਟੀਜਨ, ਸੇਵਾ ਮੁਕਤ ਮਾਸ ਮੀਡੀਆ ਅਫਸਰ, ਸਿਹਤ ਵਿਭਾਗ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਮੁੱਖ ਕਾਰਜਕਰਤਾ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਵਿਚ ਪਹਿਲਾਂ ਦੀ ਤਰ੍ਹਾਂ ਪਹੁੰਚੇ, ਜਿਨ੍ਹਾਂ ਨੇ ਬੱਚਿਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਇਸ ਗੱਲ ਤੇ ਜ਼ੋਰ ਦਿੱਤਾ ਕਿ ਸਿਹਤ ਤੇ ਸਿੱਖਿਆ ਦੇ ਵਿਚੋਂ ਨੈਤਿਕਤਾ ਦਾ ਅਲੋਪ ਹੋਣਾ ਨਾ ਕੇਵਲ ਸਾਡੇ ਲਈ ਬਲਕਿ ਘਰ, ਸਕੂਲ, ਸਮਾਜ, ਦੇਸ਼ ਅਤੇ ਦੁਨੀਆਂ ਜ਼ੋ ਅੱਜ ਅਰਾਜਕਤਾ ਫੈਲ ਰਹੀ ਹੈ, ਲਾਅ–ਐਂਡ–ਆਡਰ ਅਲੋਪ ਹੋ ਰਿਹਾ ਹੈ ਅਤੇ ਹਰ ਪਾਸੇ ਸਰੀਰਕ, ਮਾਨਸਿਕ ਅਤੇ ਸਮਾਜਿਕ ਕੁਰੀਤੀਆਂ ਬਿਮਾਰੀਆਂ ਜ਼ੋ ਨਸ਼ਿਆਂ, ਏਡਜ, ਚਰਿੱਤਰਹੀਨਤਾ ਅਤੇ ਹੋਰ ਅਜਿਹੇ ਘਿਨੌਣੇ ਕੰਮ ਹੋ ਰਹੇ ਹਨ ਤੇ ਹਰ ਪਾਸੇ ਇਕ–ਦੂਜੇ ਨੂੰ ਨੀਚਾ ਦਿਖਾਉਣ ਤੇ ਇਕ–ਦੂਜੇ ਦੇਸ਼ ਆਪਸ ਵਿਚ ਲੜ ਕੇ ਦੁਨੀਆਂ ਦੀ ਤੀਸਰੀ ਜੰਗ ਜ਼ੋ ਵਿਨਾਸ਼ਕਾਰੀ ਸਾਬਿਤ ਹੋ ਰਹੀ ਹੈ। ਹੁਣੇ–ਹੁਣਾ ਅਮਰੀਕਾ ਅਤੇ ਈਰਾਨ ਦੀ ਜੰਗ ਤੋਂ ਦਿਖ ਰਿਹਾ ਹੈ ਕਿ ਅੱਜ ਸਾਡੇ ਘਰ, ਸਕੂਲ, ਸਮਾਜ, ਦੇਸ਼ ਅਤੇ ਦੁਨੀਆਂ ਵਿਚ ਨੈਤਿਕਤਾ ਦਾ ਹਰ ਦਾਇਰੇ ਵਿਚੋਂ ਨੈਤਿਕਤਾ ਦਾ ਅਲੋਪ ਹੋਣਾ ਸਭ ਤੋਂ ਵੱਡਾ ਕਾਰਨ ਹੈ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਆਓ ਆਪਾ ਆਪਣੇ ਆਪ ਨੂੰ ਚੰਗਾ ਇਨਸਾਨ ਬਣਾਉਣ ਲਈ ਨੈਤਿਕਤਾ ਦਾ ਅਨਿਖੜਵਾਂ ਅੰਗ ਬਣ ਕੇ ਚੰਗੇ ਸਮਾਜ ਦੀ ਸਿਰਜਣਾ ਕਰਕੇ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾ ਕੇ ਪਰਮ ਸ਼ਹੀਦਾਂ ਦਾ ਦਰਜਾ ਪ੍ਰਾਪਤ ਕਰੀਏ, ਜ਼ੋ ਸਾਡੇ ਆਜਾਦੀ ਦਿਵਸ ਤੇ ਗਣਤੰਤਰਤਾ ਦਿਵਸ ਤੇ ਇਨ੍ਹਾਂ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਵਾਲੇ ਪਰਮ ਸ਼ਹੀਦ ਜ਼ੋ ਦਿਨੋਂ–ਦਿਨ ਅਲੋਪ ਹੋ ਕੇ ਰਹਿ ਗਏ ਹਨ, ਜ਼ੋ ਕਿ ਸਾਡੇ ਲਈ ਚਿੰਤਾ ਤੇ ਖਤਰੇ ਦੀ ਘੰਟੀ ਹੈ।

## ਰੋਟਰੀ ਕਲੱਬ ਫ਼ਿਰੋਜ਼ਪੁਰ ਨੇ ਲਾਇਆ ਹੱਡੀਆਂ ਦਾ ਮੁਫਤ ਜਾਂਚ ਕੈਂਪ



ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) :– ਰੋਟਰੀ ਕਲੱਬ ਫਿਰੋਜਪੁਰ ਵਲੋਂ ਅੱਜ ਪ੍ਰਧਾਨ ਕਿਰਪਾਲ ਸਿੰਘ ਮੱਕੜ ਦੀ ਅਗਵਾਈ ਹੇਠ ਗੁਰਦੁਆਰਾ ਸੰਗਤਸਰ ਭਗਤ ਸਿੰਘ ਕਲੋਨੀ ਵਿਖੇ ਹੱਡੀਆਂ ਦੀ ਜਾਂਚ ਵਾਸਤੇ ਇਕ ਫਰੀ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾਕਟਰ ਜਸਮੀਤ ਸਿੰਘ ਮੱਕੜ ਅਤੇ ਡਾਕਟਰ ਅਰਸ਼ਦੀਪ ਕੋਰ ਨੇ ਲਗਭਗ 80 ਤੋਂ ਵੱਧ ਮਰੀਜ਼ਾਂ ਦਾ ਹੱਡੀਆਂ ਦਾ ਚੈਕਅਪ ਕੀਤਾ ਅਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ। ਪ੍ਰੋਜੇਕਟ ਚੇਅਰਮੈਨ ਡਾਕਟਰ ਸੁਰਿੰਦਰ ਸਿੰਘ ਕਪੂਰ ਨੇ ਆਈ ਹੋਈ ਡਾਕਟਰਾਂ ਦੀ ਟੀਮ ਦੀ ਭਰਪੂਰ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਇਸੇ ਤਰ੍ਹਾਂ ਸਮਾਜ ਦੀ ਸੇਵਾ ਕਰਨ ਦਾ ਸੱਦਾ ਦਿੱਤਾ। ਅਖੀਰ ਵਿੱਚ ਪ੍ਰਧਾਨ ਕਿਰਪਾਲ ਸਿੰਘ ਮੱਕੜ ਅਤੇ ਉਨ੍ਹਾਂ ਦੀ ਟੀਮ ਨੇ ਡਾਕਟਰ ਸਾਹਿਬਾਨ ਦਾ ਧੰਨਵਾਦ ਕਰਦਿਆਂ ਸਨਮਾਨਿਤ ਕੀਤਾ।

## ਬੀਜੇਪੀ ਉਮੀਦਵਾਰ ਨਰਪਿੰਦਰ ਸਿੰਘ ਗੋਰਾ ਵੱਲੋਂ ਵਾਰਡ ਨੰਬਰ 20 'ਚ ਸਰਗਰਮੀਆਂ ਤੇਜ਼

ਧੂਰੀ, 17 ਮਈ ( ਰਣਜੀਤ ਸਿੰਘ ਪੇਧਨੀ )–ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਦੀ ਅਗਵਾਈ ਦੇ ਹੇਠ ਵਾਰਡ ਨੰਬਰ 20 ਤੋਂ ਚੋਣ ਲੜ ਰਹੇ ਨਰਪਿੰਦਰ ਸਿੰਘ ਗੋਰਾ ਵੱਲੋਂ ਸਰਗਰਮੀਆ ਤੇਜ ਕੀਤੀਆਂ ਗਈਆਂ ਹਨ। ਗੋਰਾ ਵੱਲੋਂ ਵੱਲੋਂ ਸਵੇਰੇ ਸ਼ਾਮ ਇਕੱਲੇ ਜਾ ਕੇ ਵਾਰਡ ਵਿੱਚ ਰਾਊਂਡ ਲਾਇਆ ਜਾ ਰਿਹਾ ਹੈ, ਲੋਕਾਂ ਵੱਲੋਂ ਉਹਨਾਂ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਵਾਰਡ ਵਿੱਚ ਪਾਣੀ, ਸਿਹਤ ਅਤੇ ਸਿੱਖਿਆ ਸਹੂਲਤਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਵਾਉਣ ਦੇ ਲਈ ਆਉਣ ਵਾਲੀ 26 ਮਈ ਨੂੰ ਕਮਲ ਦੇ ਨਿਸ਼ਾਨ ਤੇ ਮੋਹਰਾਂ ਲਾ ਕੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਨੂੰ ਕਾਮਯਾਬ ਬਣਾਓ ।

# ਇੱਕ ਨਜ਼ਰ...



## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਫ਼ਿਰੋਜ਼ਪੁਰ ਵਿਖੇ ਮੁੱਖ ਦਫਤਰ ਦਾ ਕੀਤਾ ਉਦਘਾਟਨ

ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਫ਼ਿਰੋਜ਼ਪੁਰ ਵਿਖੇ ਮੁੱਖ ਦਫਤਰ ਦਾ ਕੀਤਾ ਉਦਘਾਟਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਪਾਰਟੀ ਦਾ ਮੁੱਖ ਦਫਤਰ ਜੀ.ਟੀ ਰੋਡ ਫਿਰੋਜ਼ਪੁਰ ਕੈਂਟ (ਨਜ਼ਦੀਕ ਟਰੱਕ ਯੂਨੀਅਨ) ਵਿਖੇ ਸਥਾਪਿਤ ਕੀਤਾ ਗਿਆ ਹੈ, ਇਸ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਓਟ ਆਸਰਾ ਲੈਣ ਲਈ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ ਅਤੇ ਗੁਰੂ ਸਾਹਿਬ ਜੀ ਅੱਗੇ ਅਰਦਾਸ ਬੇਨਤੀ ਕੀਤੀ ਗਈ ।ਇਸ ਸ਼ੁਭ ਅਵਸਰ ਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਬੇਨਤੀ ਕੀਤੀ ਕਿ ਪੰਥ ਅਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਖੇਤਰੀ ਰਾਜਸੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਮਜ਼ਬੂਤ ਕੀਤਾ ਜਾਵੇ। ਸੰਗਤਾਂ ਆਪਣੇ ਇਲਾਕਿਆਂ ਵਿੱਚ ਯੋਗ ਸ਼ਖਸੀਅਤਾ ਨੂੰ ਅੱਗੇ ਲੈਕੇ ਆਉਣ ਤਾਂ ਜੋ ਲੋਕਾਂ ਦੀ ਸਹੀ ਨੁਮਾਇੰਦਗੀ ਕੀਤੀ ਜਾ ਸਕੇ। ਇਸ ਮੌਕੇ ਉਨ੍ਹਾਂ ਦੇ ਨਿਜੀ ਸਹਾਇਕ ਪ੍ਰਮਪਾਲ ਸਿੰਘ ਸਭਰਾ ਨੇ ਕਿਹਾ ਕਿ ਫਿਰੋਜ਼ਪੁਰ ਦੀ ਧਰਤੀ ਸਭਰਾ, ਫਿਰੋਜ਼ਸ਼ਾਹ ਅਤੇ ਮੁੱਦਕੀ ਦੀ ਜੰਗ ਵਿੱਚ ਅੰਗਰੇਜ਼ਾਂ ਨੇ ਸਿੱਖਾਂ ਨੂੰ ਹਰਾਇਆ ਸੀ, ਇਸ ਲਈ ਫਿਰੋਜ਼ਪੁਰ ਤੋਂ ਹੀ ਜਿੱਤ ਦਾ ਝੰਡਾ ਲਹਿਰਾਉਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਜਸਬੀਰ ਸਿੰਘ ਭੁੱਲਰ ਜਥੇਦਾਰ ਹਲਕਾ ਫਿਰੋਜ਼ਪੁਰ ਸ਼ਹਿਰੀ, ਡਾਕਟਰ ਮੋਹਨ ਸਿੰਘ ਜਥੇਦਾਰ ਹਲਕਾ ਦਿਹਾਤੀ ਨੇ ਸੰਗਤਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਜ਼ੁਲਮ ਦੇ ਵਿਰੁੱਧ ਹੈ ਅਤੇ ਜਿਸ ਨਾਲ ਕੋਈ ਬੇਇਨਸਾਫ਼ੀ ਹੋਵੇਗੀ ਉਸ ਨਾਲ ਡਟ ਕੇ ਖੜ੍ਹੇਗਾ।ਅਖ਼ੀਰ ਵਿੱਚ ਡਾਕਟਰ ਮੁਖਤਿਆਰ ਸਿੰਘ ਭੁੱਲਰ ਨੇ ਆਈਆਂ ਹੋਈਆਂ ਸੰਗਤਾਂ ਅਤੇ ਗੁਰੂ ਸਾਹਿਬ ਦਾ ਧੰਨਵਾਦ ਕਰਦਿਆਂ ਬੇਨਤੀ ਕੀਤੀ ਕਿ ਪੰਥ ਅਤੇ ਪੰਜਾਬ ਦੀ ਸੇਵਾ ਕਰਨ ਲਈ ਗੁਰੂ ਸਾਹਿਬ ਬਲ ਅਤੇ ਬੁੱਧੀ ਬਖਸ਼ਣ। ਇਸ ਮੌਕੇ ਮੈਨੇਜਰ ਜਸਪਾਲ ਸਿੰਘ ਖਾਲਸਾ, ਬਲਜਿੰਦਰ ਸਿੰਘ ਮੈਨੇਜਰ, ਕਿਰਨਦੀਪ ਸਿੰਘ ਪੱਲ੍ਹਾ, ਜਰਨੈਲ ਸਿੰਘ ਧੀਰਾ ਪੱਤਰਾਂ, ਜਥੇਦਾਰ ਗੁਰਦੀਪ ਸਿੰਘ, ਕੁਲਵੰਤ ਸਿੰਘ ਸੈਦੇਕੇ ਹੇਲਾ, ਬਲਵਿੰਦਰ ਸਿੰਘ ਥਿੰਦ ਆਦਿ ਹਾਜ਼ਰ ਸਨ। ਇਸ ਮੌਕੇ ਮਾਨ ਸਿੰਘ ਕਿਲੀ, ਜਸਬੀਰ ਸਿੰਘ ਭੁੱਲਰ, ਜਰਨੈਲ ਸਿੰਘ ਗੁਦੜਢੰਡੀ, ਸੁਖਚੈਨ ਸਿੰਘ ਹਾਮਦ ਮੈਂਬਰ, ਗੁਰਪਿੰਦਰ ਸਿੰਘ ਲੱਖੋ ਕੇ, ਅਮਰੀਕ ਸਿੰਘ ਫੌਜੀ, ਹੰਸਾ ਸਿੰਘ ਹਾਮਦ, ਗੁਰਪ੍ਰੀਤ ਸਿੰਘ, ਰਮਨਪ੍ਰੀਤ ਸਿੰਘ ਹਾਮਦ, ਨਰਿੰਦਰ ਸਿੰਘ ਲੱਖੋ ਕੇ, ਬਲਜਿੰਦਰ ਸਿੰਘ, ਜਸਪਾਲ ਸਿੰਘ, ਵਿਰਸਾ ਸਿੰਘ ਹਾਮਦ ਗੁਰੂਹਰਸਹਾਏ ਸਵ: ਸਰਦਾਰ ਅਨੋਖ ਸਿੰਘ ਨਿੱਝਰ ਦੇ ਪੋਤਰੇ ਕਰਨ ਢਿੱਲੋਂ ਦੇ ਘਰ ਪਹੁੰਚੇ, ਜਿਥੇ ਢਿੱਲੋਂ ਪਰਿਵਾਰ ਵੱਲੋਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਭਰਵਾਂ ਸਵਾਗਤ ਕਰਦਿਆਂ ਜੀ ਆਇਆ ਕਿਹਾ।ਇਸ ਮੌਕੇ ਪ੍ਰਗਟ ਸਾਹਿਬ ਮੀਤ ਪ੍ਰਧਾਨ ਪੰਜਾਬ ਜਥੇਦਾਰ ਹਰਦੇਵ ਸਿੰਘ ਹਾਮਦ ਦੀ ਪ੍ਰਧਾਨਗੀ ਹੇਠ ਗੁਰੂਹਰਸਹਾਏ ਭਰਵੀਂ ਮੀਟਿੰਗ ਕੀਤੀ, ਜਿਸ ਵਿਚ ਭਾਈ ਪਰਮਪਾਲ ਸਿੰਘ ਸਭਰਾ ਜਥੇਦਾਰ ਸਵਰਨ ਸਿੰਘ ਚੱਕ ਬੁੱਢੇਸ਼ਾਹ ਸਾਬਕਾ ਸਰਪੰਚ, ਪ੍ਰੇਮ ਸਿੰਘ ਸੀਨੀਅਰ ਆਗੂ ਮੁਖਤਿਆਰ ਸਿੰਘ ਭੁੱਲਰ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਾ ਇਸਤਰੀ ਵਿੰਗ ਜ਼ਿਲਾ ਅੰਮ੍ਰਿਤਸਰ ਵਿਖੇ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਲਈ ਹਰ ਪੱਖੋਂ ਰਹੇਗਾ ਕਾਰਜਸ਼ੀਲ: ਬੀਬੀ ਰਸ਼ਿਪੰਦਰ ਕੌਰ ਗਿੱਲ



ਅੰਮ੍ਰਿਤਸਰ, 17 ਮਈ (ਆਵਾਜ਼ਿ ਕੌਮ ਬਿਊਰੋ)–ਅੱਜ ਇੱਥੇ ਹੋਈ ਇੱਕ ਅਹਿਮ ਮੀਟਿੰਗ ਦੌਰਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਇਸਤਰੀ ਵਿੰਗ ਪੰਜਾਬ ਦੀ ਜਨਰਲ ਸਕੱਤਰ ਬੀਬੀ ਰਸ਼ਿਪੰਦਰ ਕੌਰ ਗਿੱਲ ਨੇ ਸੰਬੋਧਨ



ਕਰਦਿਆਂ ਕਿਹਾ ਕਿ ਔਰਤਾਂ ਦੇ ਅਧਿਕਾਰ ਭਾਰਤੀ ਸੰਵਿਧਾਨ ਵਿੱਚ ਡੂੰਘੀ ਤਰ੍ਹਾਂ ਸੁਰੱਖਿਅਤ ਹਨ, ਜੋ ਉਨ੍ਹਾਂ ਨੂੰ ਬਰਾਬਰੀ, ਵਿਤਕਰੇ ਵਿਰੁੱਧ ਸੁਰੱਖਿਆ ਅਤੇ ਸਸ਼ਕਤੀਕਰਨ ਦੀ ਪੂਰਨ ਗਰੰਟੀ ਦਿੰਦੇ ਹਨ। ਬੀਬੀ ਗਿੱਲ ਨੇ ਸੰਵਿਧਾਨਕ ਧਾਰਾਵਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਸੰਵਿਧਾਨ ਦੀ ਧਾਰਾ 14 ਕਾਨੂੰਨ ਦੇ ਸਾਹਮਣੇ ਬਰਾਬਰੀ ਅਤੇ ਧਾਰਾ 15 ਲਿੰਗ ਦੇ ਆਧਾਰ 'ਤੇ ਹੋਣ ਵਾਲੇ ਹਰ ਤਰ੍ਹਾਂ ਦੇ ਵਿਤਕਰੇ ਦੀ ਮਨਾਹੀ ਕਰਦੀ ਹੈ। ਇਹ ਧਾਰਾਵਾਂ ਰਾਜ ਨੂੰ ਔਰਤਾਂ ਅਤੇ ਬੱਚਿਆਂ ਦੀ ਭਲਾਈ ਲਈ ਵਿਸ਼ੇਸ਼ ਕਦਮ ਚੁੱਕਣ ਦੀ ਸ਼ਕਤੀ ਦਿੰਦੀਆਂ ਹਨ, ਤਾਂ ਜੋ ਇਤਿਹਾਸਕ ਅਸਮਾਨਤਾਵਾਂ ਨੂੰ ਦੂਰ ਕਰਕੇ ਸੁਧਾਰਾਤਮਕ ਉਪਾਅ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਸੰਵਿਧਾਨ ਦੇ ਅਨੁਛੇਦ 16, 21 ਅਤੇ 39 ਵੀ ਲਿੰਗ ਨਿਆਂ ਅਤੇ ਬਰਾਬਰੀ ਨੂੰ ਯਕੀਨੀ ਬਣਾਉਣ ਵਿੱਚ ਬੇਹੱਦ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਸੰਵਿਧਾਨਕ ਅਧਿਕਾਰਾਂ ਸਦਕਾ ਹੀ ਔਰਤਾਂ ਦੇ ਕਾਨੂੰਨੀ ਸਸ਼ਕਤੀਕਰਨ ਲਈ ਰਾਹ ਪੱਧਰਾ ਹੋਇਆ ਹੈ। ਇਸ ਦੇ ਨਤੀਜੇ ਵਜੋਂ 'ਜਿਨਸੀ ਉਤਪੀੜਨ ਰੋਕੂ ਐਕਟ' ਅਤੇ 'ਘਰੇਲੂ ਹਿੰਸਾ ਐਕਟ' ਵਰਗੇ ਸੁਰੱਖਿਆ ਕਾਨੂੰਨ ਹੋਂਦ ਵਿੱਚ ਆਏ ਹਨ। ਇਸ ਤੋਂ ਇਲਾਵਾ, ਭੇਦਭਾਵ ਵਿਰੋਧੀ ਨਿਯਮਾਂ ਕਾਰਨ ਅੱਜ ਵੱਖ-ਵੱਖ ਖੇਤਰਾਂ ਵਿੱਚ ਔਰਤਾਂ ਦੀ ਭਾਗੀਦਾਰੀ ਵਧੀ ਹੈ ਅਤੇ ਸਥਾਨਕ ਚੋਣਾਂ ਵਿੱਚ ਰਾਖਵੇਂਕਰਨ ਰਾਹੀਂ ਉਨ੍ਹਾਂ ਦੀ ਰਾਜਨੀਤਿਕ ਪ੍ਰਤੀਨਿਧਤਾ ਮਜ਼ਬੂਤ ਹੋਈ ਹੈ। ਔਰਤਾਂ ਦੀ ਸਿਹਤ, ਸਿੱਖਿਆ ਅਤੇ ਆਰਥਿਕ ਸੁਤੰਤਰਤਾ ਨੂੰ ਉਤਸ਼ਾਹਿਤ ਕਰਨ ਵਾਲੀਆਂ ਕਈ ਸਰਕਾਰੀ ਸਕੀਮਾਂ ਵੀ ਇਸੇ ਸੋਚ ਦਾ ਨਤੀਜਾ ਹਨ। ਬੀਬੀ ਜੀ ਨੇ ਦ੍ਰਿੜਤਾ ਨਾਲ ਕਿਹਾ ਕਿ ਸਾਡਾ ਇਸਤਰੀ ਵਿੰਗ ਹਮੇਸ਼ਾਂ ਔਰਤਾਂ ਦੇ ਹੱਕਾਂ ਦੀ ਰਾਖੀ ਲਈ ਮੋਹਰੀ ਹੋ ਕੇ ਕਾਰਜਸ਼ੀਲ ਰਹੇਗਾ। ਇਸ ਅਹਿਮ ਵਿਚਾਰ-ਚਰਚਾ ਵਿੱਚ ਇਸਤਰੀ ਵਿੰਗ ਪੰਜਾਬ ਦੀ ਜਨਰਲ ਸਕੱਤਰ ਬੀਬੀ ਰਸ਼ਿਪੰਦਰ ਕੌਰ ਗਿੱਲ ਤੋਂ ਇਲਾਵਾ, ਮਨਦੀਪ ਕੌਰ ਰੰਧਾਵਾ (ਦਿਹਾਤੀ ਪ੍ਰਧਾਨ, ਜ਼ਿਲਾ ਅੰਮ੍ਰਿਤਸਰ), ਸੁਖਮਨਦੀਪ ਕੌਰ (ਯੂਥ ਪ੍ਰਧਾਨ, ਜ਼ਿਲਾ ਅੰਮ੍ਰਿਤਸਰ), ਬੀਬੀ ਸੁਖਵੰਤ ਕੌਰ, ਬੀਬੀ ਚਰਨਜੀਤ ਕੌਰ ਅਤੇ ਸੁਖਅੰਮ੍ਰਿਤ ਕੌਰ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਬੀਬੀ ਰਸ਼ਿਪੰਦਰ ਕੌਰ ਗਿੱਲ ਨੇ ਬੀਬੀ ਸੁਖਵੰਤ ਕੌਰ ਅਤੇ ਬੀਬੀ ਚਰਨਜੀਤ ਕੌਰ ਨੂੰ ਪਾਰਟੀ ਦੀ ਮੈਗਜ਼ੀਨ 'ਬਾਗੀ' ਵੀ ਭੇਂਟ ਕੀਤੀ। ਮੀਟਿੰਗ ਦੌਰਾਨ ਸਾਰੀਆਂ ਆਗੂਆਂ ਨੇ ਸਾਂਝੇ ਤੌਰ 'ਤੇ ਪ੍ਰਣ ਲਿਆ ਕਿ ਉਹ ਜ਼ਿਲਾ ਅੰਮ੍ਰਿਤਸਰ ਦੇ ਇਸਤਰੀ ਵਿੰਗ ਨੂੰ ਜਥੇਬੰਦਕ ਤੌਰ 'ਤੇ ਹੋਰ ਉੱਚ ਪੱਧਰ 'ਤੇ ਸੰਗਠਿਤ ਕਰਨਗੀਆਂ।

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਿੱਖ ਜਥੇਬੰਦੀਆਂ ਦੀ ਭਰਵੀਂ ਇਕੱਤਰਤਾ, ਪੰਜਾਬ ਸਰਕਾਰ ਦੇ ਐਕਟ 'ਚ ਦਰਜ ਸ਼ਬਦਾਵਲੀ 'ਤੇ ਜਤਾਇਆ ਇਤਰਾਜ਼









ਤਲਵੰਡੀ ਸਾਬੋ, 17 ਮਈ (ਗੁਰਜੰਟ ਸਿੰਘ ਨਥੇਹਾ)– ਪੰਜਾਬ ਸਰਕਾਰ ਵੱਲੋਂ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਲਿਆਂਦੇ ਗਏ ਨਵੇਂ ਐਕਟ ਵਿੱਚ ਦਰਜ ਕੁਝ ਮੱਦਾਂ ਅਤੇ ਸ਼ਬਦਾਵਲੀ ਨੂੰ ਲੈ ਕੇ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਵੱਖ-ਵੱਖ ਸਿੱਖ ਜਥੇਬੰਦੀਆਂ, ਸੰਪਰਦਾਵਾਂ ਅਤੇ ਪੰਥਕ ਆਗੂਆਂ ਦੀ ਭਰਵੀਂ ਇਕੱਤਰਤਾ ਹੋਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਵੀ ਸ਼ਮੂਲੀਅਤ ਕੀਤੀ। ਇਕੱਤਰਤਾ ਦੌਰਾਨ ਪੰਥਕ ਆਗੂਆਂ ਨੇ ਸਪਸ਼ਟ ਕੀਤਾ ਕਿ ਸਿੱਖ ਕੌਮ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦੇਣ ਦੇ ਪੂਰੀ ਤਰ੍ਹਾਂ ਹੱਕ ਵਿੱਚ ਹੈ, ਪਰ ਪੰਜਾਬ ਸਰਕਾਰ ਵੱਲੋਂ ਤਿਆਰ ਕੀਤੇ ਐਕਟ ਵਿੱਚ ਵਰਤੀ ਗਈ ਕੁਝ ਸ਼ਬਦਾਵਲੀ ਅਤੇ ਮੱਦਾਂ ਸਿੱਖ ਭਾਵਨਾਵਾਂ ਦੇ ਅਨੁਕੂਲ ਨਹੀਂ ਹਨ, ਜਿਨ੍ਹਾਂ ਨੂੰ ਤੁਰੰਤ ਹਟਾਇਆ ਜਾਣਾ ਚਾਹੀਦਾ ਹੈ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਜਥੇਬੰਦੀਆਂ ਦਾ ਵਿਰੋਧ ਸਜ਼ਾਵਾਂ ਦੇਣ ਦੇ ਖਿਲਾਫ ਨਹੀਂ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਵਰਗੇ ਘਿਨਾਉਣੇ ਅਪਰਾਧ ਲਈ ਸਖ਼ਤ ਕਾਨੂੰਨ ਬਣਨਾ ਸਮੇਂ ਦੀ ਲੋੜ ਹੈ, ਪਰ ਇਸ ਕਾਨੂੰਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨਤਾ ਅਤੇ ਸਿੱਖ ਧਰਮ ਦੀ ਵਿਲੱਖਣ ਪਛਾਣ ਨੂੰ ਧਿਆਨ ਵਿੱਚ ਰੱਖਣਾ ਬਹੁਤ ਜ਼ਰੂਰੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਐਕਟ ਵਿੱਚ ਕੁਝ ਅਜਿਹੇ ਸ਼ਬਦ ਵਰਤੇ ਗਏ ਹਨ ਜੋ ਸਿੱਖ ਪੰਥ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਸਿੱਖ ਵਿਦਵਾਨਾਂ, ਤਖ਼ਤ ਸਾਹਿਬਾਨ ਅਤੇ ਪੰਥਕ ਜਥੇਬੰਦੀਆਂ ਨਾਲ ਸਲਾਹ ਮਸ਼ਵਰਾ ਕਰਕੇ ਹੀ ਕਿਸੇ ਵੀ ਧਾਰਮਿਕ ਮਾਮਲੇ ਨਾਲ ਸਬੰਧਿਤ ਕਾਨੂੰਨ ਤਿਆਰ ਕਰੇ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿੱਖ ਪੰਥ ਕਿਸੇ ਵੀ ਅਜਿਹੇ ਕਾਨੂੰਨ ਨੂੰ ਕਦੇ ਪ੍ਰਵਾਨ ਨਹੀਂ ਕਰੇਗਾ ਜੋ ਪੰਥ ਦੀ ਮਰਜ਼ੀ ਅਤੇ ਸਹਿਮਤੀ ਤੋਂ ਬਿਨਾਂ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਆਪਣੀ ਮਰਯਾਦਾ, ਗੀਤ-ਰਿਵਾਜਾਂ ਅਤੇ ਧਾਰਮਿਕ ਅਸੂਲਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕਰੇਗੀ। ਗਿਆਨੀ ਗੜਗੱਜ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਤੁਰੰਤ ਵਿਵਾਦਤ ਮੱਦਾਂ ਵਾਪਸ ਲੈ ਕੇ ਐਕਟ ਵਿੱਚ ਸੋਧ ਕਰਨੀ ਚਾਹੀਦੀ ਹੈ, ਤਾਂ ਜੋ ਸਿੱਖ ਕੌਮ ਵਿੱਚ ਪੈਦਾ ਹੋ ਰਹੇ ਰੋਸ ਨੂੰ ਸ਼ਾਂਤ ਕੀਤਾ ਜਾ ਸਕੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪੰਥਕ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਤਾਂ ਸਿੱਖ ਜਥੇਬੰਦੀਆਂ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਕੱਤਰਤਾ ਦੌਰਾਨ ਵੱਖ-ਵੱਖ ਜਥੇਬੰਦੀਆਂ ਦੇ ਬੁਲਾਰਿਆਂ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਇਕ ਸੁਰ ਵਿੱਚ ਮੰਗ ਕੀਤੀ ਕਿ ਸਰਕਾਰ ਧਾਰਮਿਕ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਤੋਂ ਗੁਰੇਜ਼ ਕਰੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਸਦਾ ਆਪਣੇ ਧਾਰਮਿਕ ਅਧਿਕਾਰਾਂ ਅਤੇ ਪੰਥਕ ਮਰਯਾਦਾ ਦੀ ਰੱਖਿਆ ਲਈ ਇਕਜੁੱਟ ਰਹੀ ਹੈ ਅਤੇ ਅੱਗੇ ਵੀ ਰਹੇਗੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ, ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦੇ, ਸੰਤ ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

# ਸਤਲੁਜ ਦਰਿਆ ਕਿਨਾਰੇ ਮਜ਼ਬੂਤ ਬੰਨ੍ਹ ਬਣਾਉਣ ਲਈ ਅੱਗੇ ਆਇਆ ਯੂਨਾਈਟਡ ਸਿੱਖਸ

## ਹੜ੍ਹਾਂ ਤੋਂ ਪਿੰਡਾਂ ਅਤੇ ਕਿਸਾਨਾਂ ਨੂੰ ਬਚਾਉਣ ਲਈ ਸ਼ੁਰੂ ਕੀਤਾ ਵੱਡਾ ਸੇਵਾ ਅਭਿਆਨ



ਫ਼ਿਰੋਜ਼ਪੁਰ, 17 ਮਈ (ਮਨੋਹਰ ਲਾਲ) :— ਸੰਯੁਕਤ ਰਾਸ਼ਟਰ ਨਾਲ ਸੰਬੰਧਿਤ ਸਮਾਜ ਸੇਵੀ ਸੰਸਥਾ ਯੂਨਾਈਟਡ ਸਿੱਖਸ ਵੱਲੋਂ ਸਤਲੁਜ ਦਰਿਆ ਵਿੱਚ ਆਉਣ ਵਾਲੀਆਂ ਹੜ੍ਹਾਂ ਤੋਂ ਪਿੰਡਾਂ ਅਤੇ ਕਿਸਾਨਾਂ ਨੂੰ ਬਚਾਉਣ ਲਈ ਇੱਕ ਵੱਡਾ ਸੇਵਾ ਅਭਿਆਨ ਸ਼ੁਰੂ ਕੀਤਾ ਗਿਆ ਹੈ। ਸੰਸਥਾ ਨੇ ਦਰਿਆ ਦੇ ਕਮਜ਼ੋਰ ਅਤੇ ਸੰਵੇਦਨਸ਼ੀਲ ਕਿਨਾਰਿਆਂ 'ਤੇ ਮਜ਼ਬੂਤ ਬੰਨ੍ਹ ਤਿਆਰ ਕਰਨ ਦਾ ਫੈਸਲਾ ਕੀਤਾ ਹੈ ਤਾਂ ਜੋ ਬਰਸਾਤ ਦੇ ਮੌਸਮ ਦੌਰਾਨ ਹੜ੍ਹਾਂ ਦਾ ਪਾਣੀ ਪਿੰਡਾਂ ਅਤੇ ਖੇਤਾਂ ਵਿੱਚ ਦਾਖਲ ਨਾ ਹੋ ਸਕੇ।

ਯੂਨਾਈਟਡ ਸਿੱਖਸ ਫਿਰੋਜ਼ਪੁਰ ਦੇ ਇੰਚਾਰਜ ਸ੍ਰੀ ਜਗਮੀਤ ਸਿੰਘ ਨੇ ਦੱਸਿਆ ਕਿ ਇਲਾਕੇ ਦੇ ਲੋਕ ਕਈ ਸਾਲਾਂ ਤੋਂ ਹੜ੍ਹਾਂ ਦੀ ਸਮੱਸਿਆ ਨਾਲ ਜੂਝ ਰਹੇ ਹਨ, ਪਰ ਅਜੇ ਤੱਕ ਇਸਦਾ ਕੋਈ ਪੱਕਾ ਹੱਲ ਨਹੀਂ ਨਿਕਲਿਆ ਸੀ। ਇਸੇ ਨੂੰ ਧਿਆਨ ਵਿੱਚ ਰੱਖਦਿਆਂ ਯੂਨਾਈਟਡ ਸਿੱਖਸ ਨੇ ਮਨੁੱਖਤਾ ਅਤੇ ਸੇਵਾ ਦੀ ਭਾਵਨਾ ਨਾਲ ਇਸ ਮਹੱਤਵਪੂਰਨ ਕੰਮ ਦੀ ਜ਼ਿੰਮੇਵਾਰੀ ਆਪਣੇ ਸਿਰ ਲਈ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸਥਾਨਕ ਸੰਗਤ, ਸੇਵਾਦਾਰਾਂ ਅਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਚਲਾਇਆ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਨੂੰ ਹੋਰ ਵੱਡੇ ਪੱਧਰ 'ਤੇ ਲਿਜਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਬਸਤੀ ਰਾਮ ਲਾਲ ਪਿੰਡ ਨੇੜੇ ਸਤਲੁਜ ਦਰਿਆ ਕਿਨਾਰੇ ਮਜ਼ਬੂਤ ਬੰਨ੍ਹ ਤਿਆਰ ਕੀਤੇ ਜਾਣਗੇ, ਜਿਸ ਨਾਲ ਆਸ-ਪਾਸ ਦੇ ਪਿੰਡਾਂ ਨੂੰ ਕਾਫੀ ਰਾਹਤ ਮਿਲਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਇਹ ਸੇਵਾ ਅਭਿਆਨ ਸਿਰਫ ਲੋਕਾਂ ਅਤੇ ਕਿਸਾਨਾਂ ਦੀ ਸੁਰੱਖਿਆ ਤੱਕ ਸੀਮਿਤ ਨਹੀਂ, ਸਗੋਂ ਇਸਦਾ ਮਕਸਦ ਮਨੁੱਖਤਾ, ਏਕਤਾ ਅਤੇ ਨਿਸ਼ਕਾਮ ਸੇਵਾ ਦਾ ਸੰਦੇਸ਼ ਦੇਣਾ ਵੀ ਹੈ। ਗੱਲਬਾਤ ਸ੍ਰੀ ਜਗਮੀਤ ਸਿੰਘ ਨੇ ਹੋਰ ਦੱਸਿਆ ਕਿ ਬਸਤੀ ਰਾਮ ਲਾਲ ਪਿੰਡ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਸਮਾਜ ਸੇਵੀ, ਪ੍ਰਮੁੱਖ ਸ਼ਖਸੀਅਤਾਂ, ਰਾਜਨੀਤਿਕ ਪ੍ਰਤੀਨਿਧੀਆਂ ਅਤੇ ਧਾਰਮਿਕ ਸੰਤ ਸ਼ਾਮਲ ਹੋਣਗੇ। ਇਸ ਮੌਕੇ ਪਿੰਡ ਦੇ ਸਰਪੰਚ ਸ੍ਰੀ ਜਸਮੇਲ ਸਿੰਘ, ਸ੍ਰੀ ਦਲਜਿੰਦਰ ਸਿੰਘ ਮੰਗਾ ਸਮੇਤ ਕਈ ਮਾਣਯੋਗ ਹਸਤੀਆਂ ਵੀ ਮੌਜੂਦ ਰਹਿਣਗੀਆਂ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਨੁੱਖਤਾ ਭਰੇ ਸੇਵਾ ਅਭਿਆਨ ਦਾ ਹਿੱਸਾ ਬਣਨ ਤਾਂ ਜੋ ਭਵਿੱਖ ਵਿੱਚ ਹੜ੍ਹਾਂ ਵਰਗੀਆਂ ਆਫ਼ਤਾਂ ਤੋਂ ਪਿੰਡਾਂ ਅਤੇ ਕਿਸਾਨਾਂ ਨੂੰ ਸੁਰੱਖਿਅਤ ਰੱਖਿਆ ਜਾ ਸਕੇ।

ਯੂਨਾਈਟਡ ਸਿੱਖਸ ਦੇ ਸ੍ਰੀ ਅੰਮ੍ਰਿਤਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਵੱਲੋਂ ਲਗਭਗ 3 ਕਿਲੋਮੀਟਰ ਖੇਤਰ ਵਿੱਚ ਬੰਨ੍ਹ ਬਣਾਉਣ ਦਾ ਕੰਮ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਹ ਸਾਰਾ ਕੰਮ ਸ੍ਰੀ ਜਗਮੀਤ ਸਿੰਘ ਦੀ ਯੋਗ ਅਗਵਾਈ ਅਤੇ ਨੇਤ੍ਰਿਤਵ ਹੇਠ ਕੀਤਾ ਜਾ ਰਿਹਾ ਹੈ। ਸ੍ਰੀ ਜਗਮੀਤ ਸਿੰਘ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਲਗਭਗ ਸਾਰੇ ਰਾਜਨੀਤਿਕ ਦਲਾਂ ਦੇ ਆਗੂ ਇਕੱਠੇ ਹੋਏ ਅਤੇ ਉਨ੍ਹਾਂ ਨੇ ਸਰਗਰਮ ਭੂਮਿਕਾ ਨਿਭਾਈ। ਉਨ੍ਹਾਂ ਇਸ ਸੇਵਾ ਅਭਿਆਨ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਾਣਾ ਗੁਰਮੀਤ ਸਿੰਘ ਸੋਢੀ, ਭਾਰਤੀ ਰਾਸ਼ਟਰੀ ਕਾਂਗਰਸ ਦੇ ਸੰਸਦ ਮੈਂਬਰ ਸ਼ੇਰ ਸਿੰਘ ਘੁਬਾਇਆ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ, ਰਵਿੰਦਰ ਸਿੰਘ ਔਲਖ, ਸੁਖਪਾਲ ਸਿੰਘ ਨੰਨੂ ਅਤੇ ਜਲਾਲਾਬਾਦ ਤੋਂ ਸਾਬਕਾ ਵਿਧਾਇਕ ਰਾਮਿੰਦਰ ਸਿੰਘ ਆਵਲਾ ਸਮੇਤ ਕਈ ਮਾਣਯੋਗ ਸ਼ਖਸੀਅਤਾਂ ਹਾਜ਼ਰ ਸਨ।

# ਬਾਬਾ ਜਵਾਹਰ ਦਾਸ ਨੇ ਹੱਥੀਂ ਮਿਹਨਤ ਕਰਨ ਤੇ ਲੋੜਵੰਦਾਂ ਦੀ ਸੇਵਾ ਕਰਨ ਦਾ ਉਪਦੇਸ਼ ਦਿੱਤਾ-ਸੰਤ ਗਿਆਨੀ ਹਰਨਾਮ ਸਿੰਘ ਖਾਲਸਾ

## ਇਤਿਹਾਸਕ ਨਿਸ਼ਾਨ ਸਾਹਿਬ ’ਤੇ ਸੋਨੇ ਦਾ ਭਾਲਾ ਸਜਾਇਆ


















ਚੌਕ ਮਹਿਤਾ, 17 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ )-ਸੰਤ ਬਾਬਾ ਜਵਾਹਰ ਦਾਸ ਦੀ ਯਾਦ ’ਚ ਦੁਆਬੇ ਦੇ ਪਿੰਡ ਸੂਸਾਂ (ਜ਼ਿਲ੍ਹਾ ਹੁਸ਼ਿਆਰਪੁਰ) ਦੇ ਤਿੰਨ ਦਿਨਾਂ ਮੇਲੇ ਵਿਚ ਸੰਗਤਾਂ ਨੇ ਵੱਡੀ ਗਿਣਤੀ ਵਿਚ ਸ਼ਾਮਿਲ ਹੋ ਕੇ ਮੱਥਾ ਟੇਕਿਆ। ਡੇਰਾ ਬਾਬਾ ਜਵਾਹਰ ਦਾਸ ਬ੍ਰਾਂਚ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਚੈਰੀਟੇਬਲ ਟਰੱਸਟ ਰਜਿ. ਪਿੰਡ ਸੂਸਾਂ ਵਲੋਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਦੇ ਪ੍ਰਬੰਧਾਂ ਹੇਠ ਕਰਵਾਏ ਇਸ ਮੇਲੇ ਦੌਰਾਨ ਸੰਗਤਾਂ ਨੇ ਅੱਧੀ ਰਾਤ ਤੋਂ ਬਾਅਦ ਹੀ ਮੱਥਾ ਟੇਕਣ ਅਤੇ ਇਸ਼ਨਾਨ ਕਰਨ ਦਾ ਕਾਰਜ ਆਰੰਭ ਕਰ ਦਿੱਤਾ। ਇਸ ਮੌਕੇ ਡੇਰਾ ਬਾਬਾ ਜਵਾਹਰ ਦਾਸ ਸੂਸ ਸਥਿਤ ਇਤਿਹਾਸਕ ਨਿਸ਼ਾਨ ਸਾਹਿਬ ਦੇ ਸਿਖਰ ’ਤੇ ਸੋਨੇ ਦਾ ਭਾਲਾ ਸਜਾਇਆ ਗਿਆ, ਜਿਸ ਦੀਆਂ ਸਾਰੀਆਂ ਧਾਰਮਿਕ ਰਸਮਾਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵਲੋਂ ਕੀਤੀਆਂ ਗਈਆਂ ਅਤੇ ਜੈਕਾਰਿਆਂ ਦੀ ਗੂੰਜ ’ਚ ਨਿਸ਼ਾਨ ਸਾਹਿਬ ਚੜ੍ਹਾਇਆ ਗਿਆ। ਇਸ ਤੋਂ ਪਹਿਲਾਂ ਸਜਾਏ ਦੀਵਾਨ ਦੌਰਾਨ ਸੰਬੋਧਨ ਕਰਦਿਆਂ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਬਾਬਾ ਜਵਾਹਰ ਦਾਸ ਦੇ ਜੀਵਨ, ਭਗਤੀ ਤੇ ਸੇਵਾ ’ਤੇ ਚਾਨਣਾ ਪਾਉਂਦਿਆਂ ਕਿਹਾ ਕਿ ਬਾਬਾ ਜਵਾਹਰ ਦਾਸ ਸੂਸ ਨੇ ਆਪਣੇ ਜੀਵਨ ਕਾਲ ਦੌਰਾਨ ਗੁਰਬਾਣੀ ਦੇ ਲੜ ਲੱਗ ਕੇ ਮਾਨਵਤਾ ਦੀ ਭਲਾਈ ਦੀ ਇਕ ਅਜਿਹੀ ਅਖੰਡ ਜੋਤ ਜਗਾਈ, ਜਿਸ ਨਾਲ ਅੱਜ ਵੀ ਪੂਰਾ ਇਲਾਕਾ ਰੌਸ਼ਨ ਹੋ ਰਿਹਾ ਹੈ। ਉਨ੍ਹਾਂ ਨੇ ਆਪਣੇ ਹੱਥੀਂ ਮਿਹਨਤ ਕਰਕੇ ਗੁਜ਼ਾਰਾ ਕਰਨ ਅਤੇ ਲੋੜਵੰਦਾਂ ਦੀ

ਆਵਾਜ਼ਿ ਕੌਮ
AWAZE QAUM
International Newspaper & WEB TV

ਸੇਵਾ ਕਰਨ ਦਾ ਉਪਦੇਸ਼ ਦਿੱਤਾ। ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਧਾਰਮਿਕ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ। ਸਮਾਗਮ ’ਚ ਸਜਾਏ ਦੀਵਾਨ ਦੌਰਾਨ ਗਿਆਨੀ ਪਲਵਿੰਦਰਪਾਲ ਸਿੰਘ ਮੁੱਖ ਗ੍ਰੰਥੀ ਦਰਬਾਰ ਸਾਹਿਬ, ਸੰਤ ਗੁਰਦਿਆਲ ਸਿੰਘ ਟਾਂਡਾ, ਭਾਈ ਜਸਵੀਰ ਸਿੰਘ ਹਜ਼ੂਰੀ ਰਾਗੀ, ਸੰਤ ਮਹਾਂਵੀਰ ਸਿੰਘ ਤਾਜੇਵਾਲ, ਭਾਈ ਜਬਰਤੋੜ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਢਾਡੀ ਭਾਈ ਸੋਭਾ ਸਿੰਘ ਸਿਤਾਰਾ, ਖੋਜਕੀਪੁਰ ਵਾਲੇ ਬਾਬਿਆਂ ਦਾ ਜਥਾ ਸ਼ਾਮਿਲ ਹੋਏ ਤੇ ਸੰਗਤਾਂ ਨੂੰ ਗੁਰਬਾਣੀ ਅਤੇ ਕਥਾ ਨਾਲ ਜੋੜਿਆ। ਇਸ ਮੌਕੇ ਤੇ ਸੰਤ ਬਾਬਾ ਅਮਰਜੀਤ ਸਿੰਘ ਸੰਪਰਦਾਇ ਹਰਖੋਵਾਲ ਵਾਲੇ, ਐਡਵੋਕੇਟ ਹਰਜਿੰਦਰ ਸਿੰਘ ਧਾਮੀ,ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਸੰਤ ਬਾਬਾ ਗੁਰਭੇਜ ਸਿੰਘ ਖ਼ੁਜਾਲਾ, ਸੰਤ ਬਾਬਾ ਲਖਬੀਰ ਸਿੰਘ ਭੰਗਾਲੀ ਕਲਾਂ ਟਾਹਲੀ ਸਾਹਿਬ, ਅਤੇ ਬੇਅੰਤ ਸੰਤ, ਮਹਾਂਪੁਰਖ, ਨਿਹੰਗ ਸਿੰਘ ਜਥੇਬੰਦੀਆਂ, ਨਿਰਮਲੇ ਸੰਤ ਨੇ ਹਾਜ਼ਰੀਆਂ ਭਰੀਆਂ।ਸਟੇਜ ਸਕੱਤਰ ਦੀ ਸੇਵਾ ਗਿਆਨੀ ਸਾਹਿਬ ਸਿੰਘ ਨੇ ਨਿਭਾਈ। ਸਮਾਗਮ ’ਚ ਮਾਤਾ ਕੁਲਵੰਤ ਕੌਰ ਮੁੰਡਾ ਪਿੰਡ, ਜਥੇਦਾਰ ਹਰਭਜਨ ਸਿੰਘ ਸੇਠ, ਗਿਆਨੀ ਗੁਰਦਰਸ਼ਨ ਸਿੰਘ ਧਾਮੀ, ਕਸ਼ਮੀਰ ਸਿੰਘ ਮਹਿਤਾ ਚੌਕ, ਜਥੇਦਾਰ ਸੁਖਦੇਵ ਸਿੰਘ, ਗਿਆਨੀ ਗੁਰਪ੍ਰੀਤ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਗਿਆਨੀ ਗੁਰਵਿੰਦਰ ਸਿੰਘ ਸਮੱਸਤਪੁਰ, ਭਾਈ ਸੁਖਬੀਰ ਸਿੰਘ ਫ਼ਤਹਿਗੜ੍ਹ ਸਾਹਿਬ, ਈਸ਼ਰ ਸਿੰਘ ਮੰਝਪੁਰ, ਬਲਕਾਰ ਸਿੰਘ ਨਰਿਆਲ, ਰਸ਼ਪਾਲ ਸਿੰਘ ਗੋਨਾ, ਜਥੇਦਾਰ ਰਣਧੀਰ ਸਿੰਘ ਖੜਿਆਲਾ ਸੈਣੀਆਂ, ਸੰਦੀਪ ਸਿੰਘ ਸੀਕਰੀ ਹਲਕਾ ਇੰਚਾਰਜ ਸ਼ਾਮਚੁਰਾਸੀ, ਅਮਰੀਕ ਸਿੰਘ ਭਾਗੋਵਾਲ, ਹਰਪ੍ਰੀਤ ਸਿੰਘ ਰੌਬੀ, ਗਿਆਨੀ ਸੁਖਵਿੰਦਰ ਸਿੰਘ, ਸੰਦੀਪ ਸਿੰਘ ਖਰਦੇਹੜ, ਅਵਤਾਰ ਸਿੰਘ ਤਾਰੂ, ਨੰਬਰਦਾਰ ਸਰਬਜੀਤ ਸਿੰਘ, ਦਵਿੰਦਰ ਸਿੰਘ, ਲਾਭ ਸਿੰਘ, ਕੁਲਵਿੰਦਰ ਸਿੰਘ, ਰਣਜੀਤ ਸਿੰਘ ਵੀ ਸ਼ਾਮਿਲ ਸਨ।

# ਦਮਦਮੀ ਟਕਸਾਲ ਵੱਲੋਂ 84 ਵਿੱਚ ਹੋਏ ਸ਼ਹੀਦਾਂ ਨੂੰ ਸਮਰਪਿਤ ਗੁਰਦਾਸ ਨੰਗਲ ਗੁਰੁਦੁਆਰਾ ਗ੍ਰਿਫਤਾਰੀ ਸਾਹਿਬ ਵਿਖੇ ਸਜਾਏ ਦੀਵਾਨ

## ਸੰਗਤਾਂ ਸ਼ਹੀਦੀ ਸਮਾਗਮਾਂ ਵਿੱਚ ਵੱਧ ਤੋਂ ਵੱਧ ਹਾਜ਼ਰੀਆਂ ਭਰਨ, ਸੰਤ ਗਿਆਨੀ ਹਰਨਾਮ ਸਿੰਘ ਖਾਲਸਾ









ਚੌਂਕ ਮਹਿਤਾ, 17 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ-ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ '84 ਤੀਸਰੇ ਘੱਲੂਘਾਰੇ 'ਚ ਸ਼ਹੀਦ ਹੋਏ ਕੌਮੀ ਯੋਧਿਆਂ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ 42ਵਾਂ ਮਹਾਨ ਸ਼ਹੀਦੀ ਸਮਾਗਮ 6 ਜੂਨ ਨੂੰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਅੰਤਰ ਰਾਸ਼ਟਰੀ ਪੱਧਰ ਤੇ ਮਨਾਇਆ ਜਾਵੇਗਾ। ਇਸ ਸੰਦਰਭ ਦੇ ਵਿਚ ਇਕ ਮਈ ਤੋਂ ਰੋਜਾਨਾਂ ਜਿਲਾ ਅੰਮ੍ਰਿਤਸਰ ਤੇ ਗੁਰਦਾਸਪੁਰ ਦੇ ਪਿੰਡਾਂ ਵਿਚ ਧਾਰਮਿਕ ਦੀਵਾਨ ਸਜਾਏ ਜਾ ਰਹੇ ਹਨ, ਜਿਸ ਦੇ ਚਲਦਿਆਂ ਅੱਜ ਗੁਰਦਾਸ ਨੰਗਲ ਗੁਰਦੁਆਰਾ ਗ੍ਰਿਫਤਾਰੀ ਸਾਹਿਬ ਸ਼ਾਮ ਵੇਲੇ ਦੇ ਦੀਵਾਨ ਸਜਾਏ ਗਏ। ਜਿਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੂਰਜ ਪ੍ਰਕਾਸ਼ ਗ੍ਰੰਥ ਵਿਚੋਂ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਪਾਵਨ ਇਤਿਹਾਸ ਦੇ ਪ੍ਰਸੰਗ ਦੀ ਕਥਾ ਨੂੰ ਅੱਗੇ ਤੋਰਦਿਆਂ

ਆਵਾਜ਼ਿ ਕੌਮ
AWAZE QAUM
International Newspaper & WEB TV

ਸੰਗਤਾਂ ਨੂੰ ਗੁਰੂ ਚਰਨਾਂ ਦੇ ਨਾਲ ਜੋੜਿਆ। ਸਮਾਗਮ ਦੇ ਅਖੀਰ ਵਿਚ ਪ੍ਰਬੰਧਕਾ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੂੰ ਸਿਰੋਪਾਓ ਤੇ ਦਸਤਾਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਇਲਾਹੀ ਬਾਣੀ ਦੇ ਰਸ ਭਿੰਨੜੇ ਕੀਰਤਨ ਦੀ ਸੇਵਾ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਕੀਤੀ। ਇਸ ਮੌਕੇ ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਂਕ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਸਰਪੰਚ ਕਸ਼ਮੀਰ ਸਿੰਘ ਕਾਲਾ ਮਹਿਤਾ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾਕਟਰ ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਭਾਈ ਭਾਗ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਪ੍ਰੋਫਸਰ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਜੁਝਾਰ ਸਿੰਘ, ਭਾਈ ਪ੍ਰਕਾਸ਼ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ, ਭਾਈ ਤਰਲੋਚਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਸਮਾਪਤੀ ਦੀ ਅਰਦਾਸ ਬੇਨਤੀ ਗਿਆਨੀ ਰਵਿੰਦਰਪਾਲ ਸਿੰਘ ਰਾਜਸਥਾਨੀ ਨੇ ਕੀਤੀ।

# ਭਾਈ ਜਗਰੂਪ ਸਿੰਘ ਪੰਜਵੜ ਨਮਿੱਤ ਸ਼ਹੀਦੀ ਸਮਾਗਮ ਕਰਵਾਇਆ ਗਿਆ

## ਸਮਾਗਮ 'ਚ ਪੰਥ ਪ੍ਰਸਿੱਧ ਹਸਤੀਆਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ, ਬਾਬਾ ਬਖਸ਼ੀਸ਼ ਸਿੰਘ ਨੇ ਆਈਆਂ ਪੰਥਕ ਹਸਤੀਆਂ ਦਾ ਕੀਤਾ ਧੰਨਵਾਦ

















ਪਟਿਆਲਾ, 17 ਮਈ (ਕੁਲਵਿੰਦਰ ਸਿੰਘ ਚੰਦੀ ) : ਸਿੱਖ ਕੌਮ ਦੀ ਆਜ਼ਾਦੀ ਦੀ ਜੰਗ ਦੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਰਧਾਂਜਲੀ ਸਮਾਗਮ ਗੁਰਦਵਾਰਾ ਦੁੱਖ ਭੰਜਨ ਸਾਹਿਬ ਪਿੰਡ ਕਲਰ ਭੈਣੀ ਵਿਖੇ ਕਰਵਾਇਆ ਗਿਆ। ਇਸ ਸਮਾਗਮ ਦਾ ਪ੍ਰਬੰਧ ਜੱਥਾ ਠੀਕਰੀਵਾਲਾ ਯੂ ਐਸ ਏ ਅਤੇ ਏ ਕੇ ਐਫ ਇੰਟਰਨੈਸ਼ਨਲ ਕਨੇਡਾ ਵੱਲੋ ਸਾਂਝੇ ਰੂਪ ਵਿੱਚ ਕੀਤਾ ਗਿਆ। ਇਸ ਮੌਕੇ ਪੰਥ ਦੀਆਂ ਸਿਰਮੌਰ ਹਸਤੀਆਂ ਬਾਬਾ ਨਛੱਤਰ ਸਿੰਘ ਕੱਲਰ ਭੈਣੀ, ਬਾਬਾ ਇੰਦਰ ਸਿੰਘ ਕਾਰ ਸੇਵਾ ,ਬਾਬਾ ਬਖਸ਼ੀਸ਼ ਸਿੰਘ ਨਿਜ਼ਾਮਨੀਵਾਲਾ', ਬਾਬਾ ਰਾਜ਼ਾ ਰਾਜ ਸਿੰਘ ਅਰਬਾ ਖਰਬਾਂ ਦਲ ਵਾਲੇ, ਭਾਈ ਰਿਸ਼ਬਦੀਪ ਸਿੰਘ ਹੇਰਾਂ ਮੁੱਖ ਸੰਪਾਦਕ ਰੋਜਾਨਾ ਹੱਕ ਸੱਚ ਦਾ ਪਹਿਰੇਦਾਰ, ਸਰਪੰਚ ਰਜਿੰਦਰ ਸਿੰਘ ਛੰਨਾ, ਅਕਾਲੀ ਦਲ ਵਾਰਸ ਪੰਜਾਬ ਦੇ ਜ਼ਿਲਾ ਲੁਧਿਆਣਾ ਦਿਹਾਤੀ ਦੇ ਕਾਰਜਕਾਰੀ ਮੈਂਬਰ ਕੁਲਵਿੰਦਰ ਸਿੰਘ ਚੰਦੀ ਵਿਸ਼ੇਸ਼ ਤੌਰ ਤੇ ਪਹੁੰਚੇ । ਇਸ ਮੌਕੇ ਬਾਬਾ ਬਖਸ਼ੀਸ਼ ਸਿੰਘ ਨਿਜ਼ਾਮਨੀਵਾਲ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਜਿੱਥੇ ਪੰਥ ਤੇ ਗਿਲਾ ਪ੍ਰਗਟ ਕਰਦਿਆਂ ਕਿਹਾ ਕਿ ਖਾਲਿਸਤਾਨ ਦੇ ਸੰਘਰਸ਼ ਦੇ ਅਲੰਬਰਦਾਰ ਅਖਵਾਉਣ ਵਾਲੇ, ਸਿੰਘਾਂ ਸ਼ਹੀਦਾਂ ਦੇ ਵਾਰਸ ਅਖਵਾਉਣ ਵਾਲੇ , ਸ਼ਹੀਦ ਸਿੰਘਾ ਦੀਆ ਤਸਵੀਰਾਂ ਲਾ ਕੇ ਰੈਲੀਆਂ ਕਰਨ ਵਾਲੇ ਪੰਥਕ ਆਗੂ ਅਤੇ ਧਿਰਾਂ ਸਮਾਗਮ ਵਿੱਚੋਂ ਗਾਇਬ ਰਹੇ ਜੋ ਕਿ ਬੜੀ ਨਮੋਸ਼ੀ ਵਾਲੀ ਗੱਲ ਹੈ। ਇਸ ਮੌਕੇ ਸ਼ਹੀਦ ਭਾਈ ਜਗਰੂਪ ਸਿੰਘ ਪੰਜਵੜ ਨੂੰ ਯਾਦ ਕਰਦਿਆਂ ਉਪਰੋਕਤ ਆਗੂਆਂ ਨੇ ਕਿਹਾ ਕਿ ਭਾਈ ਜਗਰੂਪ ਸਿੰਘ ਪੰਜਵੜ ਬਾਣੀ ਬਾਣੇ ਦੇ ਧਾਰਨੀ ਸਿੱਖ ਸਨ ਤੇ ਉਹ ਹਰੇਕ

ਆਵਾਜ਼ਿ ਕੌਮ AWAZE QAUM International Newspaper & WEB TV

ਪੰਥਕ ਮੋਰਚੇ ਵਿੱਚ ਵੱਧ ਚੜ ਕੇ ਭਾਗ ਲੈਂਦੇ ਸਨ, ਚਾਹੇ ਉਹ ਬਰਗਾੜੀ ਦਾ ਮੋਰਚਾ ਹੋਵੇ, ਚਾਹੇ ਸਮਾਣਾ ਟਾਵਰ ਮੋਰਚਾ, ਚਾਹੇ ਕਿਸਾਨ ਮੋਰਚਾ ਉਹ ਹਰੇਕ ਪੰਥਕ ਮਸਲੇ ਵਿੱਚ ਪਹਿਲ ਦੇ ਆਧਾਰ ਤੇ ਵਿਚਰਦੇ ਸਨ, ਉਹਨਾਂ ਕਿਹਾ ਕਿ ਭਾਈ ਜਗਰੂਪ ਸਿੰਘ ਪੰਜਵੜ ਪੰਥਕ ਸੋਚ ਦੇ ਧਾਰਨੀ ਸਨ, ਜਿਸ ਸਦਕਾ ਭਾਈ ਸਾਹਿਬ ਦੀ ਚੰਗੀ ਅਤੇ ਉਸਾਰੂ ਸੋਚ ਸਦਕਾ ਭਾਈ ਸਾਹਿਬ ਨੇ ਥੋੜੇ ਸਮੇਂ ਵਿੱਚ ਪੰਥਕ ਸਭਾ ਵਿੱਚ ਆਪਣੀ ਵਿਲੱਖਣ ਥਾ ਬਣਾਈ ਅਤੇ ਉਹਨਾਂ ਨੇ ਕੌਮੀ ਕਾਰਜ ਕਰਦਿਆਂ ਆਪਣੀ ਸ਼ਹੀਦੀ ਦਿੱਤੀ ਅਜਿਹੇ ਸੂਰਮੇ ਕਦੇ ਕਦਾਈ ਹੀ ਪੈਦਾ ਹੁੰਦੇ ਹਨ। ਭਾਈ ਪੰਜਵੜ ਦੀ ਸ਼ਹੀਦੀ 'ਤੇ ਸਵਾਲ ਉਠਾਉਂਦਿਆ ਉਕਤ ਪੰਥਕ ਆਗੂਆਂ ਨੇ ਕਿਹਾ ਕਿ ਬੜੀ ਸਿਤਮ ਵਾਲੀ ਗੱਲ ਹੈ ਕਿ ਭਾਈ ਸਾਹਿਬ ਦੇ ਸਰੀਰ ਦਾ ਤੂੰਬਾ ਤੂੰਬਾ ਹੋ ਗਿਆ ਪਰ ਉਹਨਾਂ ਦੇ ਮੋਬਾਈਲ ਨੂੰ ਆਂਚ ਤੱਕ ਨਹੀਂ ਆਈ ਜਿਸ ਨੂੰ ਲੈ ਕੇ ਸਿੱਖ ਕੌਮ ਦੇ ਵਿੱਚ ਇੱਕ ਵੱਡਾ ਤੌਖਲਾ ਬਣਿਆ ਹੋਇਆ ਹੈ ਕਿ ਕੀ ਭਾਈ ਪੰਜਵੜ ਦੀ ਮੌਤ ਐਕਸੀਡੈਂਟ ਸੀ ਜਾਂ ਫਿਰ ਇੱਕ ਸੋਚੀ ਸਮਝੀ ਸਾਜਿਸ਼, ਜਿਸ ਨੂੰ ਲੈ ਕੇ ਪੰਜਾਬ ਪੁਲਿਸ ਅਤੇ ਸਰਕਾਰ ਸਵਾਲਾਂ ਦੇ ਘੇਰੇ ਵਿੱਚ ਹੈ ਔਰ ਸਿੱਖ ਕੌਮ ਇਸ ਦਾ ਜਵਾਬ ਮੰਗਦੀ ਹੈ । ਇਸ ਮੌਕੇ ਕੁਲਦੀਪ ਸਿੰਘ ਹਿਸਾਰ ਵਾਲੇ ਅਤੇ ਉਹਨਾਂ ਦੀ ਸਿੰਘਣੀ ਦੇ ਰਾਗੀ ਜਥੇ ਨੇ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ, ਉਪਰੰਤ ਬੀਬੀ ਕਿਰਨਜੋਤ ਕੌਰ ਖਾਲਸਾ ਸਪੁੱਤਰੀ ਸ਼ਹੀਦ ਭਾਈ ਬਲਵਿੰਦਰ ਸਿੰਘ ਬਾਰਾ ਦੇ ਢਾਡੀ ਜੱਥੇ ਵੱਲੋਂ ਵੀਰ ਰਸ ਵਾਰਾਂ ਸੁਣਾ ਕੇ ਸੰਗਤਾਂ ਵਿੱਚ ਜੋਸ਼ ਭਰਿਆ। ਇਸ ਮੌਕੇ ਸਟੇਜ ਦੀ ਸੇਵਾ ਬਾਬਾ ਬਖਸ਼ੀਸ਼ ਸਿੰਘ ਨਿਜ਼ਾਮਨੀ ਵਾਲਾ ਵੱਲੋਂ ਬਾਖੂਬੀ ਨਿਭਾਉਂਦਿਆਂ ਅੰਤ ਵਿੱਚ ਆਈਆਂ ਸੰਗਤਾਂ ਦਾ ਧੰਨਵਾਦ ਵੀ ਕੀਤਾ ਗਿਆ । ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਗੁਰਿੰਦਰ ਸਿੰਘ ਘੋਨਾ ਸਿਰਸਾ ਕਾਂਡ ਵਾਲੇ, ਸਰਪੰਚ ਧਰਮਿੰਦਰ ਸਿੰਘ ਚੱਕ, ਮਾਤਾ ਕੁਲਬੀਰ ਕੌਰ ਕੌਲੀ, ਸਤਿੰਦਰ ਬਾਕਸਰ, ਗੋਰਾ ਸਿੰਘ ਖਾਲਸਾ ਸਰਦੂਲਗੜ੍ਹ, ਭਾਈ ਪਰਗਟ ਸਿੰਘ ਖਾਨਪੁਰ ਆਦਿ ਹਾਜ਼ਰ ਸਨ ।

# ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਪਾਵਨ ਸ਼ਹਾਦਤ ਨੂੰ ਸਮਰਪਿਤ ਮਹਾਨ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਨਾਨਕ ਦਰਬਾਰ ਪਿੰਡ ਬਣੀ ਤਹਿ: ਰਾਣੀਆਂ ਜ਼ਿਲ੍ਹਾ ਸਿਰਸਾ ਵਿਖੇ ਆਯੋਜਿਤ









ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਪਾਵਨ ਸ਼ਹਾਦਤ ਨੂੰ ਸਮਰਪਿਤ ਮਹਾਨ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਨਾਨਕ ਦਰਬਾਰ ਪਿੰਡ ਬਣੀ ਤਹਿ: ਰਾਣੀਆਂ ਜਿਲਾ ਸਿਰਸਾ ਵਿਖੇ ਨਗਰ ਨਿਵਾਸੀਆਂ ਵੱਲੋਂ ਸ਼ਰਧਾ ਸਤਿਕਾਰ ਸਹਿਤ ਅੱਜ 17 ਮਈ 2026 ਨੂੰ ਕਰਵਾਇਆ ਗਿਆ ਜਿਸ ਵਿੱਚ ਪ੍ਰਸਿੱਧ ਕੀਰਤਨੀਏ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਬਾਬਾ ਮਹਿੰਦਰ ਸਿੰਘ ਮਸਤੂਆਣੇ ਵਾਲਿਆਂ ਨੇ ਗੁਰਬਾਣੀ ਕਥਾ ਕੀਰਤਨ ਨਾਲ ਸਿੱਖ ਸੰਗਤਾਂ ਨੂੰ ਜੋੜਿਆ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ

ਆਵਾਜ਼ਿ ਕੌਮ
AWAZE QAUM
International Newspaper & WEB TV

ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਸ ਸਮੇਂ ਜਥੇਦਾਰ ਗੁਰਪਾਲ ਸਿੰਘ ਗੋਰਾ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਐਲਨਾਬਾਦ ਅਤੇ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਐਲਨਾਬਾਦ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸਿੱਖ ਸੰਗਤਾਂ ਹਾਜ਼ਰ ਸਨ ਪ੍ਰਬੰਧਕਾਂ ਵੱਲੋਂ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਗੁਰੂ ਕਾ ਲੰਗਰ ਟੁੱਟ ਵਰਤਿਆ।

ਯਾਦਗਾਰੀ ਤਸਵੀਰਾਂ


ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ
ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ 10 ਵਜੇ ਤੋਂ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਭਿੰਡਰਾਂਵਾਲੇ
ਸਿੰਘ ਸਾਹਿਬ ਗਿਆਨੀ ਜਸਬੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਬੇਨਤੀ ਕਰਤਾ : ਸੰਤਾਂ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915
ਗੁਰੂ ਕੇ ਲੰਗਰ ਅਤੁੱਟ ਵਰਤਣਗੇ


ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243